SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 157** | **Thursday, August 17, 2023** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਹਿੱਟ ਐਂਡ ਰੰਨ ਵਿੱਚ ਇੱਕ ਹਲਾਕ




ਟੋਰਾਂਟੋ, 16 ਅਗਸਤ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਡਾਊਨਟਾਊਨ ਟੋਰਾਂਟੋ ਦੇ ਘਾਤਕ ਮੌਸ ਪਾਰਕ ਵਿੱਚ ਹਿੱਟ ਐਂਡ ਰੰਨ ਦੀ ਜਾਂਚ ਹੋਮੀਸਾਈਡ ਯੂਨਿਟ ਵੱਲੋਂ ਕੀਤੀ ਜਾ ਰਹੀ ਹੈ।

ਇੱਕ ਰਾਹਗੀਰ ਨੂੰ ਗੱਡੀ ਵੱਲੋਂ ਟੱਕਰ ਮਾਰੇ ਜਾਣ ਦੀਆਂ ਖਬਰਾਂ ਦੇ ਕੇ ਐਮਰਜੰਸੀ ਅਮਲੇ ਨੂੰ ਕੁਈਨ ਸਟਰੀਟ ਈਸਟ ਤੇ ਸ਼ੇਰਬਰਨ ਸਟਰੀਟ ਉੱਤੇ ਰਾਤੀਂ 10:50 ਉੱਤੇ ਸੱਦਿਆ ਗਿਆ। ਰਾਹਗੀਰ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਿਸ ਅਧਿਕਾਰੀਆਂ ਦੇ ਮੌਕੇ ਉੱਤੇ ਪਹੁੰਚਣ ਤੋਂ ਪਹਿਲਾਂ ਹੀ ਰਾਹਗੀਰ ਨੂੰ ਟੱਕਰ ਮਾਰਨ ਵਾਲਾ ਗੱਡੀ ਲੈ ਕੇ ਫਰਾਰ ਹੋ ਗਿਆ।

ਟੋਰਾਂਟੋ ਪੁਲਿਸ ਦੇ ਕਾਂਸਟੇਬਲ ਵਿਕਟਰ ਕਵੌਂਗ ਨੇ ਦੱਸਿਆ ਕਿ ਇਹ ਮੌਤ ਸ਼ੱਕੀ ਲੱਗ ਰਹੀ ਹੈ ਤੇ ਇਸ ਦੀ ਜਾਂਚ ਹੋਮੀਸਾਈਡ ਸਕੁਐਡ ਨੂੰ ਦੇ ਦਿੱਤੀ ਗਈ ਹੈ। ਪੁਲਿਸ ਵੱਲੋਂ ਸ਼ੱਕੀ ਗੱਡੀ ਦੀ ਪਛਾਣ ਚਾਰ ਦਰਵਾਜ਼ਿਆਂ ਵਾਲੀ ਸਿਲਵਰ ਰੰਗ ਦੀ ਸੇਡਾਨ ਵਜੋਂ ਕਰ ਲਈ ਗਈ ਹੈ। ਸ਼ੇਰਬਰਨ ਨੂੰ ਕੁਈਨ ਤੇ ਸ਼ਟਰ ਦਰਮਿਆਨ ਬੰਦ ਕਰ ਦਿੱਤਾ ਗਿਆ ਸੀ ਪਰ ਫਿਰ ਖੋਲ੍ਹ ਦਿੱਤਾ ਗਿਆ।

## ਕੋਵਿਡ-19 ਦੇ ਵੱਧ ਰਹੇ ਮਾਮਲਿਆਂ ਉੱਤੇ ਬਾਰੀਕੀ ਨਾਲ ਨਜ਼ਰ ਰੱਖ ਰਹੀ ਹੈ ਫੈਡਰਲ ਸਰਕਾਰ : ਹਾਲੈਂਡ



ਪ੍ਰਿੰਸ ਐਡਵਡ ਆਈਲੈਂਡ, 16 ਅਗਸਤ (ਪੋਸਟ ਬਿਊਰੋ) :ਕੈਨੇਡਾ ਦੇ ਨਵੇਂ ਸਿਹਤ ਮੰਤਰੀ ਮਾਰਕ ਹਾਲੈਂਡ ਦਾ ਕਹਿਣਾ ਹੈ ਕਿ ਫੈਡਰਲ ਸਰਕਾਰ ਕੋਵਿਡ-19 ਦੇ ਤਾਜ਼ਾ ਹਾਲਾਤ ਉੱਤੇ ਬੜੀ ਬਾਰੀਕੀ ਨਾਲ ਨਜ਼ਰ ਰੱਖ ਰਹੀ ਹੈ ਕਿਉਂਕਿ ਪਬਲਿਕ ਹੈਲਥ ਏਜੰਸੀ ਆਫ ਕੈਨੇਡਾ ਵੱਲੋਂ ਜਾਰੀ ਕੀਤੇ ਗਏ ਡਾਟਾ ਅਨੁਸਾਰ ਇੱਕ ਵਾਰੀ ਫਿਰ ਕੋਵਿਡ-19 ਦੇ ਮਾਮਲਿਆਂ ਵਿੱਚ ਵਾਧਾ ਵੇਖਣ ਨੂੰ ਮਿਲ ਰਿਹਾ ਹੈ। ਹਾਲੈਂਡ ਨੇ ਇਹ ਵੀ ਆਖਿਆ ਕਿ ਕੋਵਿਡ-19 ਦੇ ਨਵੇਂ ਵੇਰੀਐਂਟ ਈਜੀ.5 ਦੇ ਉਭਰਨ ਨਾਲ ਸਾਲ ਦੇ ਅਖੀਰ ਵਿੱਚ ਸਾਨੂੰ ਸਾਰਿਆਂ ਨੂੰ ਵਧੇਰੇ ਅਹਿਤਿਆਤ ਤੋਂ ਕੰਮ ਲੈਣਾ ਹੋਵੇਗਾ।

ਪ੍ਰਿੰਸ ਐਡਵਡ ਆਈਲੈਂਡ ਉੱਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਾਲੈਂਡ ਨੇ ਆਖਿਆ ਕਿ ਈਜੀ.5 ਤੇ ਓਮਾਇਕ੍ਰੌਨ ਦੇ ਹੋਰਨਾਂ ਵੇਰੀਐਂਟਸ ਦਾ ਰੋਜ਼ਾਨਾ ਮੁਲਾਂਕਣ ਕੀਤਾ ਜਾਂਦਾ ਹੈ ਤੇ ਹਾਲਾਤ ਉਤੇ ਵੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਆਖਿਆ ਕਿ ਇਸ ਦੀ ਪੂਰੀ ਸੰਭਾਵਨਾ ਪਹਿਲਾਂ ਤੋਂ ਹੀ ਸੀ। ਅਸੀਂ ਜਾਣਦੇ ਸੀ ਕਿ ਜਿਵੇਂ ਹੀ ਅਸੀਂ ਸਾਲ ਦੇ ਅੰਤ ਵੱਲ ਵਧਾਂਗੇ ਤਾਂ ਅਜਿਹੇ ਮਾਮਲਿਆਂ ਵਿੱਚ ਵਾਧਾ ਹੋ ਸਕਦਾ ਹੈ।

ਇੱਥੇ ਦੱਸਣਾ ਬਣਦਾ ਹੈ ਕਿ ਦੇਸ਼ ਭਰ ਵਿੱਚ ਅਜੇ ਵੀ ਕੋਵਿਡ-19 ਸਬੰਧੀ ਗਤੀਵਿਧੀ ਘੱਟ ਤੋਂ ਦਰਮਿਆਨੀ ਹੈ। ਘੱਟ ਤੋਂ ਘੱਟ ਟੈਸਟ ਅਜੇ ਲਿਖੇ ਜਾ ਰਹੇ ਹਨ ਤੇ ਅਜਿਹੇ ਮਾਮਲਿਆਂ ਦੇ ਪਾਜ਼ੀਟਿਵ ਆਉਣ ਦੀ ਦਰ 8.6 ਫੀ ਸਦੀ ਹੈ। ਹਾਲੈਂਡ ਨੇ ਆਖਿਆ ਕਿ ਜਿਹੋ ਜਿਹੇ ਹਾਲਾਤ ਪੈਦਾ ਹੁੰਦੇ ਹਨ ਉਸ ਹਿਸਾਬ ਨਾਲ ਕਾਰਵਾਈ ਕਰਨ ਵਾਸਤੇ ਫੈਡਰਲ ਸਰਕਾਰ ਪੂਰੀ ਤਰ੍ਹਾਂ ਤਿਆਰ ਹੈ।

## ਨਿੱਝਰ ਦੇ ਕਤਲ ਵਿੱਚ ਸ਼ਾਮਲ ਗੱਡੀ ਦੀ ਪਛਾਣ ਹੋਈ



ਸਰ੍ਹੀ, 16 ਅਗਸਤ (ਪੋਸਟ ਬਿਊਰੋ) : ਹੋਮੀਸਾਈਡ ਜਾਂਚਕਾਰਾਂ ਦਾ ਕਹਿਣਾ ਹੈ ਕਿ ਜੂਨ ਵਿੱਚ ਸਰ੍ਹੀ ਦੇ ਗੁਰਦੁਆਰੇ ਦੇ ਬਾਹਰ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਹੋਏ ਕਤਲ ਵਿੱਚ ਤੀਜਾ ਮਸ਼ਕੂਕ ਵੀ ਸ਼ਾਮਲ ਸੀ।

ਬੁੱਧਵਾਰ ਨੂੰ ਇੱਕ ਨਿਊਜ਼ ਕਾਨਫਰੰਸ ਵਿੱਚ ਇੰਟੇਗ੍ਰੇਟਿਡ ਹੋਮੀਸਾਈਡ ਇਨਵੈਸਟੀਗੇਸ਼ਨ ਟੀਮ ਨੇ ਐਲਾਨ ਕੀਤਾ ਕਿ ਤੀਜੇ ਮਸ਼ਕੂਕ ਨੂੰ ਸਿਲਵਰ ਰੰਗ ਦੀ 2008 ਮਾਡਲ ਦੀ ਟੌਇਟਾ ਕੈਮਰੀ ਵਿੱਚ ਜਾਂਦਿਆਂ ਵੇਖਿਆ ਗਿਆ। ਇਹ ਗੱਡੀ ਦੋ ਹੋਰਨਾਂ ਮਸ਼ਕੂਕਾਂ ਦਾ 121 ਸਟਰੀਟ ਉੱਤੇ ਇੰਤਜ਼ਾਰ ਕਰ ਰਹੀ ਸੀ। ਜਾਂਚਕਾਰ ਪਹਿਲਾਂ ਵੀ ਇਹ ਆਖ ਚੁੱਕੇ ਹਨ ਕਿ 18 ਜੂਨ ਨੂੰ ਹਰਦੀਪ ਸਿੰਘ ਨਿੱਝਰ ਦਾ ਕਤਲ ਕਰਨ ਤੋਂ ਬਾਅਦ ਦੋ ਮਸ਼ਕੂਕ ਪਹਿਲਾਂ ਤੋਂ ਉਡੀਕ ਕਰ ਰਹੀ ਕਾਰ ਵਿੱਚ ਸਵਾਰ ਹੋ ਕੇ ਫਰਾਰ ਹੋਏ ਸਨ।

ਗੁਰੂ ਨਾਨਕ ਸਿੱਖ ਗੁਰਦੁਆਰੇ ਦੇ ਸਾਹਮਣੇ ਨਿੱਝਰ ਨੂੰ ਕਈ ਗੋਲੀਆਂ ਮਾਰੀਆਂ ਗਈਆਂ ਸਨ। ਦੋ ਮਸ਼ਕੂਕਾਂ ਦੇ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਦੋਵੇਂ ਤਕੜੀ ਕੱਦ-ਕਾਠੀ ਵਾਲੇ ਸਨ ਤੇ ਦੋਵਾਂ ਨੇ ਆਪਣੇ ਮੂੰਹ ਢਕੇ ਹੋਏ ਸਨ। ਉਨ੍ਹਾਂ ਨੂੰ ਕਾਰੇ ਨੂੰ ਅੰਜਾਮ ਦੇਣ ਤੋਂ ਬਾਅਦ ਕਾਹਲੀ ਨਾਲ ਪੈਦਲ ਹੀ ਉੱਥੋਂ ਜਾਂਦਿਆਂ ਵੇਖਿਆ ਗਿਆ। ਉਹ ਦੋਵੇਂ ਕੂਗਰ ਕ੍ਰੀਕ ਪਾਰਕ ਵਿੱਚੋਂ ਦੱਖਣ ਵੱਲ ਚਲੇ ਗਏ। ਆਈਐਚਆਈਟੀ ਨੇ ਬੁੱਧਵਾਰ ਨੂੰ ਆਖਿਆ ਕਿ ਦੋਵੇਂ ਮਸ਼ਕੂਕ ਪਹਿਲਾਂ ਤੋਂ ਹੀ 121 ਸਟਰੀਟ ਤੇ 68 ਐਵਨਿਊ ਉੱਤੇ ਉਡੀਕ ਕਰ ਰਹੀ ਕੈਮਰੀ ਵਿੱਚ ਤੀਜੇ ਮਸ਼ਕੂਕ ਨੂੰ ਮਿਲੇ, ਜਿਹੜਾ ਪਹਿਲਾਂ ਤੋਂ ਹੀ ਉਨ੍ਹਾਂ ਦਾ ਇੰਤਜ਼ਾਰ ਕਰ ਰਿਹਾ ਸੀ।

ਜਾਂਚਕਾਰਾਂ ਵੱਲੋਂ 128 ਸਟਰੀਟ ਤੇ 72 ਐਵਨਿਊ ਦੇ ਇੰਟਰਸੈਕਸ਼ਨ ਤੋਂ ਜਾਂਦੀ ਹੋਈ ਕੈਮਰੀ ਦੀ ਸਰਵੇਲੈਂਸ ਫੋਟੋ ਵੀ ਜਾਰੀ ਕੀਤੀ ਗਈ ਹੈ। ਆਈਐਚਆਈਟੀ ਦੇ ਤਰਜ਼ਮਾਨ ਟਿਮੋਥੀ ਪਾਇਰੋਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਪਹਿਲਾਂ ਵਾਲੇ ਦੋ ਮਸ਼ਕੂਕਾਂ ਦੇ ਸਬੰਧ ਵਿੱਚ ਉਨ੍ਹਾਂ ਕੋਲ ਕੋਈ ਅਜਿਹੀ ਜਾਣਕਾਰੀ ਨਹੀਂ ਹੈ ਜਿਹੜੀ ਜਾਰੀ ਕੀਤੀ ਜਾ ਸਕਦੀ ਹੋਵੇ। ਇਸ ਤੋਂ ਇਲਾਵਾ ਉਨ੍ਹਾਂ ਇਸ ਸ਼ੂਟਿੰਗ ਦੇ ਕਾਰਨਾਂ ਬਾਰੇ ਕੋਈ ਨੁਕਤਾ ਸਾਂਝਾ ਕਰਨ ਤੋਂ ਵੀ ਇਨਕਾਰ ਕਰ ਦਿੱਤਾ।

## ਗੱਡੀਆਂ ਚੋਰੀ ਕਰਨ ਵਾਲੇ ਗਿਰੋਹ ਦੇ ਪੰਜਾਬੀ ਮੂਲ ਦੇ ਤਿੰਨ ਵਿਅਕਤੀ ਗ੍ਰਿਫ਼ਤਾਰ

ਟੋਰਾਂਟੋ, 16 ਅਗਸਤ (ਪੋਸਟ ਬਿਊਰੋ) : ਯੌਰਕ ਰੀਜਨ ਵਿੱਚ ਗੱਡੀਆਂ ਚੋਰੀ ਕਰਨ ਵਾਲਿਆਂ ਦੇ ਗਿਰੋਹ ਦਾ ਪਰਦਾਫਾਸ਼ ਕਰਕੇ ਪੁਲਿਸ ਨੇ 3 ਮਿਲੀਅਨ ਡਾਲਰ ਦੀਆਂ ਚੋਰੀ ਕੀਤੀਆਂ ਗੱਡੀਆਂ ਬਰਾਮਦ ਕਰਨ ਦੇ ਨਾਲ ਨਾਲ 80 ਚਾਰਜਿਜ਼ ਵੀ ਲਾਏ ਹਨ। ਇਸ ਸਬੰਧੀ ਜਾਂਚ ਮਈ ਵਿੱਚ ਸ਼ੁਰੂ ਕੀਤੀ ਗਈ। ਇੱਕ ਨਿਊਜ਼ ਰਲੀਜ਼ ਵਿੱਚ ਪੁਲਿਸ ਅਧਿਕਾਰੀਆਂ ਨੇ ਆਖਿਆ ਕਿ ਇਸ ਦੌਰਾਨ ਤਿੰਨ ਮਸ਼ਕੂਕਾਂ ਦੀ ਸ਼ਨਾਖ਼ਤ ਕੀਤੀ ਗਈ ਤੇ ਅੱਠ ਸਰਚ ਵਾਰੰਟ ਕਢਵਾਏ ਗਏ। ਇਸ ਜਾਂਚ ਦੌਰਾਨ ਚੋਰੀ ਦੀਆਂ 31 ਗੱਡੀਆਂ, ਜਿਨ੍ਹਾਂ ਦਾ ਮੁੱਲ 2.8 ਮਿਲੀਅਨ ਡਾਲਰ ਸੀ, ਬਰਾਮਦ ਕੀਤੀਆਂ ਗਈਆਂ। ਇਸ ਦੇ ਨਾਲ ਹੀ ਜਾਂਚਕਾਰਾਂ ਵੱਲੋਂ 30,000 ਡਾਲਰ ਦੀ ਨਕਦੀ, ਪੁਲਿਸ ਸਕੈਨਰ ਡਿਵਾਇਸਿਜ਼, ਕੀਅ ਰੀ-ਪ੍ਰੋਗਰਾਮਰਜ਼ ਤੇ 100 ਤੋਂ ਵੱਧ ਮਾਸਟਰ ਕੀਅਜ਼ ਵੀ ਬਰਾਮਦ ਕੀਤੀਆਂ ਗਈਆਂ। ਤਿੰਨ ਮਸ਼ਕੂਕਾਂ ਦੀ ਪਛਾਣ ਰਿਚਮੰਡ ਹਿੱਲ ਰਹਿਣ ਵਾਲੇ 24 ਸਾਲਾ ਰਣਵੀਰ ਸਾਫੀ, 23 ਸਾਲਾ ਕੁਲਜੀਤ ਸਿੰਘ ਸਿਵੀਆ ਤੇ ਬਰੈਂਪਟਨ ਵਾਸੀ 21 ਸਾਲਾ ਜਸਮਨ ਪੰਨੂ ਵਜੋਂ ਹੋਈ। ਇਨ੍ਹਾਂ ਤਿੰਨਾਂ ਨੂੰ 83 ਤੋਂ ਵੱਧ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE
IN $0
JENNAIR CAFÉ KitchenAid Electrolux LG FRIGIDAIRE elica
BOSCH Whirlpool GE MAYTAG AMANA SAMSUNG Hisense Danby
Unit #1, 241 Clarence Street, Brampton, ON, L6W 3E7, (416) 551-3343
44 Fasken Dr, Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 - 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axael InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
- Real Estate Law
- Business Law
- Wills & Estate
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਬੱਸ ਡਿਪੂ ਵਿੱਚ ਲੱਗੀ ਅੱਗ, ਭਾਰੀ ਮਾਲੀ ਨੁਕਸਾਨ ਦਾ ਖਦਸ਼ਾ

ਓਸ਼ਵਾ, 16 ਅਗਸਤ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਓਸ਼ਵਾ ਦੇ ਬੱਸ ਡਿਪੂ ਵਿੱਚ ਅੱਗ ਲੱਗ ਜਾਣ ਕਾਰਨ ਵੱਡਾ ਮਾਲੀ ਨੁਕਸਾਨ ਹੋਇਆ। ਫਾਇਰ ਅਮਲੇ ਨੂੰ ਅੱਗ ਉੱਤੇ ਕਾਬੂ ਪਾਉਣ ਵਿੱਚ ਕਾਫੀ ਮਸ਼ੱਕਤ ਕਰਨੀ ਪੈ ਰਹੀ ਹੈ।

ਤੜਕੇ 2:30 ਵਜੇ ਦੇ ਨੇੜੇ ਤੇੜੇ ਹਾਈਵੇਅ 401 ਦੇ ਦੱਖਣ ਵੱਲ ਫੇਅਰਵੈੱਲ ਸਟਰੀਟ ਉੱਤੇ ਸਥਿਤ ਇਸ ਦਰਹਾਮ ਰੀਜਨ ਟਰਾਂਜ਼ਿਟ ਬੱਸ ਫੈਸਿਲਿਟੀ ਵਿੱਚ ਲੱਗੀ ਇੰਡਸਟਰੀਅਲ ਅੱਗ ਤੋਂ ਬਾਅਦ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਫਾਇਰ ਅਮਲਾ ਖਬਰ ਲਿਖੇ ਜਾਣ ਤੱਕ ਅੱਗ ਉੱਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰ ਰਿਹਾ ਸੀ। ਇੱਕ ਮੰਜ਼ਿਲਾ ਇਮਾਰਤ ਨੂੰ ਭਾਵੇਂ ਕਾਫੀ ਨੁਕਸਾਨ ਪਹੁੰਚਿਆ ਪਰ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।

ਮੌਕੇ ਉੱਤੇ ਮੌਜੂਦ ਵਰਕਰਜ਼ ਨੇ ਦੱਸਿਆ ਕਿ ਦੋ ਦਰਜਨ ਦੇ ਨੇੜੇ ਤੇੜੇ ਟਰਾਂਜ਼ਿਟ ਬੱਸਾਂ ਨੂੰ ਜਾਂ ਤਾਂ ਕਾਫੀ ਨੁਕਸਾਨ ਪਹੁੰਚਿਆ ਤੇ ਜਾਂ ਫਿਰ ਉਹ ਬੁਰੀ ਤਰ੍ਹਾਂ ਤਬਾਹ ਹੋ ਗਈਆਂ। ਬਾਅਦ ਵਿੱਚ ਦਿਨ ਵੇਲੇ ਓਸ਼ਵਾ ਫਾਇਰ ਸਰਵਿਸਿਜ਼ ਦੀ ਚੀਫ ਸਟੀਫਨ ਬਾਰਕਵੈੱਲ ਨੇ ਆਖਿਆ ਕਿ ਉਹ ਅਜੇ



ਇਸ ਗੱਲ ਦੀ ਪੁਸ਼ਟੀ ਨਹੀਂ ਕਰ ਸਕਦੇ ਕਿ ਕਿੰਨੀਆ ਬੱਸਾਂ ਨੂੰ ਨੁਕਸਾਨ ਪਹੁੰਚਿਆ। ਬਾਰਕਵੈੱਲ ਨੇ ਦੱਸਿਆ ਕਿ ਇਮਾਰਤ ਦੀ ਛੱਤ ਤਾਂ ਪੂਰੀ ਤਰ੍ਹਾਂ ਢਹਿ ਗਈ ਹੈ ਤੇ ਤਿੰਨ ਬੱਸ ਬੇਅਜ਼ ਨੂੰ ਵੀ ਨੁਕਸਾਨ ਪਹੁੰਚਿਆ ਹੈ। ਵਰਕਰਜ਼ ਨੇ ਦੱਸਿਆ ਕਿ ਉਨ੍ਹਾਂ ਨੂੰ ਅੱਗ ਫੈਲਣ ਤੋਂ ਪਹਿਲਾਂ ਜ਼ੋਰਦਾਰ ਧਮਾਕਾ ਵੀ ਸੁਣਾਈ ਦਿੱਤਾ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ।

ਓਨਟਾਰੀਓ ਫਾਇਰ ਮਾਰਸ਼ਲ ਦੇ ਆਫਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਅੱਗ ਕਾਰਨ ਕਈ ਬੱਸਾਂ ਦੇ ਰੂਟ ਵੀ ਰੱਦ ਕਰਨੇ ਪਏ।

## ਅੱਜ ਨਾਮਾ

ਛੱਡਣਾ ਪਾਣੀ ਪਿਆ ਭਾਖੜੇ ਡੈਮ ਤਰਫੋਂ,
ਫਿਰ ਤੋਂ ਲੱਗਾ ਪੰਜਾਬ ਨੂੰ ਆਉਣ ਬੇਲੀ।
ਨੇੜਲੇ ਪਿੰਡਾਂ ਦੇ ਅੰਦਰ ਆ ਝੱਟ ਪਹੁੰਚਾ,
ਲੱਗਾ ਫੇਰ ਆ ਮੁਸ਼ਕਲ ਵਧਾਉਣ ਬੇਲੀ।
ਡੁੱਬੀ ਪਹਿਲਾਂ ਦੀ ਫਸਲ ਸੀ ਖੇਤ ਅੰਦਰ,
ਔਖਾ ਈ ਜਾਨ ਤੇ ਮਾਲ ਬਚਾਉਣ ਬੇਲੀ।
ਛੱਡਿਆ ਪੌਂਗ ਦੇ ਡੈਮ ਤੋਂ ਗਿਆ ਜਿਹੜਾ,
ਲੱਗਾ ਏ ਲੋਕਾਂ ਦੀ ਰੋਟੀ ਛੁਡਾਉਣ ਬੇਲੀ।
ਦੋਵੇਂ ਤਰਫ ਤੋਂ ਉੱਛਲਦਾ ਪਿਆ ਪਾਣੀ,
ਮਾਝੇ-ਮਾਲਵੇ ਦੀ ਔਖੀ ਹੈ ਘੜੀ ਬੇਲੀ।
ਦੋਆਬਾ ਦੋਵਾਂ ਦੇ ਐਨ ਵਿਚਕਾਰ ਬੇਲੀ,
ਮੁਸ਼ਕਲ ਓਸ ਦੀ ਹੋਰ ਆ ਬੜੀ ਬੇਲੀ।

**ਤੀਸ ਮਾਰ ਖਾਂ**

# ਦੋ ਗੱਡੀਆਂ ਦੀ ਟੱਕਰ ਵਿੱਚ ਇੱਕ ਹਲਾਕ

ਹੈਮਿਲਟਨ, 16 ਅਗਸਤ (ਪੋਸਟ ਬਿਊਰੋ) : ਹੈਮਿਲਟਨ ਵਿੱਚ ਇੱਕ ਨਿੱਕੀ ਪੈਸੈਂਜਰ ਗੱਡੀ ਤੇ ਡਲਿਵਰੀ ਟਰੱਕ ਦਰਮਿਆਨ ਹੋਈ ਆਹਮੋ ਸਾਹਮਣੀ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ।

ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਹਾਦਸਾ ਹਾਈਵੇਅ 6 ਉੱਤੇ ਫੋਰੀਲਟਨ ਰੋਡ ਤੇ ਕੌਂਸੈਸ਼ਨ 12 ਈਸਟ ਉੱਤੇ ਸਵੇਰੇ 8:20 ਉੱਤੇ ਵਾਪਰਿਆ। ਓਪੀਪੀ ਸਾਰਜੈਂਟ ਕੈਰੀ ਸ਼ਮਿਡਟ ਨੇ ਦੱਸਿਆ ਕਿ ਉੱਤਰ ਵੱਲ ਜਾ ਰਹੀ ਪੈਸੈਂਜਰ ਗੱਡੀ ਅਚਾਨਕ ਹੀ ਦੱਖਣ ਵਾਲੀਆਂ ਲੇਨਜ਼ ਵਿੱਚ ਦਾਖਲ ਹੋ ਗਈ ਤੇ ਉਸ ਦੀ ਟੱਕਰ ਸਾਹਮਣੇ ਤੋਂ ਆ ਰਹੇ ਡਲਿਵਰੀ ਟਰੱਕ ਨਾਲ ਹੋ ਗਈ। ਇਹ ਡਲਿਵਰੀ ਟਰੱਕ ਆਪਣੀ ਲੇਨ ਵਿੱਚ ਹੀ ਜਾ ਰਿਹਾ ਸੀ।





ਪੈਸੈਂਜਰ ਗੱਡੀ ਚਲਾ ਰਹੇ ਹੈਮਿਲਟਨ ਦੇ 57 ਸਾਲਾ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਓਪੀਪੀ ਨੇ ਦੱਸਿਆ ਕਿ ਉਸ ਦੀ ਗੱਡੀ ਵਿੱਚ ਕੋਈ ਹੋਰ ਨਹੀਂ ਸੀ ਬੈਠਾ। ਡਲਿਵਰੀ ਟਰੱਕ ਦੇ ਡਰਾਈਵਰ ਨੂੰ ਮਾਮੂਲੀ ਸੱਟਾਂ ਹੀ ਲੱਗੀਆਂ। ਸ਼ਮਿਡਟ ਨੇ ਆਖਿਆ ਕਿ ਅਸੀਂ ਚਸ਼ਮਦੀਦਾਂ ਨਾਲ ਗੱਲ ਕਰ ਰਹੇ ਹਾਂ। ਉਨ੍ਹਾਂ ਦੱਸਿਆ ਕਿ ਇਸ ਇਲਾਕੇ ਵਿੱਚ ਹਾਈਵੇਅ ਨੂੰ ਕਈ ਘੰਟਿਆਂ ਲਈ ਜਾਂਚ ਵਾਸਤੇ ਬੰਦ ਰੱਖਿਆ ਜਾ ਸਕਦਾ ਹੈ। ਮੋਟਰਚਾਲਕਾਂ ਨੂੰ ਇਸ ਇਲਾਕੇ ਤੋਂ ਦੂਰ ਰਹਿਣ ਦੀ ਹਦਾਇਤ ਵੀ ਕੀਤੀ ਗਈ ਹੈ।

# ਡੇਰਾ ਬਿਆਸ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ 'ਮੁੱਖ ਮੰਤਰੀ ਰਾਹਤ ਫੰਡ' ਵਿੱਚ 2 ਕਰੋੜ ਰੁਪਏ ਦਾ ਯੋਗਦਾਨ ਪਾਇਆ, ਵਫ਼ਦ ਨੇ ਮੁੱਖ ਮੰਤਰੀ ਨੂੰ ਸੌਂਪਿਆ ਚੈੱਕ

ਚੰਡੀਗੜ੍ਹ, 16 ਅਗਸਤ (ਗਿਆਨ ਸਿੰਘ): ਸੂਬੇ ਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਸੰਕਟ ਵਿੱਚੋਂ ਕੱਢਣ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਲੋਕਾਂ ਦੀ ਮਦਦ ਲਈ ਅੱਜ ਡੇਰਾ ਬਿਆਸ ਦੇ ਇਕ ਵਫ਼ਦ ਨੇ ਮੁੱਖ ਮੰਤਰੀ ਨੂੰ 'ਮੁੱਖ ਮੰਤਰੀ ਰਾਹਤ ਫੰਡ' ਲਈ 2 ਕਰੋੜ ਰੁਪਏ ਦਾ ਚੈੱਕ ਸੌਂਪਿਆ।



ਇਸ ਔਖੀ ਘੜੀ ਵਿਚ ਲੋਕਾਂ ਦੀ ਮਦਦ ਲਈ ਅੱਗੇ ਆਉਣ ਵਾਲੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਦੀ ਲੋੜ ਹੈ ਕਿ ਲੋਕਾਂ ਨੂੰ ਸਮੇਂ ਸਿਰ ਸਹਾਇਤਾ ਮੁਹੱਈਆ ਕਰਵਾਈ ਜਾਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਵੱਲੋਂ ਪਾਏ ਗਏ ਯੋਗਦਾਨ ਦਾ ਇਕ-ਇਕ ਪੈਸਾ ਪੀੜਤ ਲੋਕਾਂ ਨੂੰ ਵੱਡੀ ਰਾਹਤ ਦੇਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹਾ ਯੋਗਦਾਨ ਲੋਕਾਂ ਨੂੰ ਲੋੜੀਂਦੇ ਸਮੇਂ ਸਹਾਇਤਾ ਪਹੁੰਚਾਉਣ ਵਿਚ ਬਹੁਤ ਸਹਾਈ ਹੁੰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮਾਜ ਸੇਵਕਾਂ ਲੋਕਾਂ ਦੀ ਖੁੱਲ੍ਹੇ ਦਿਲ ਨਾਲ ਕੀਤੀ ਮਦਦ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਯਕੀਨਨ ਤੌਰ ਉਤੇ ਢਾਰਸ ਦੇਵੇਗੀ। ਉਨ੍ਹਾਂ ਕਿਹਾ ਕਿ ਸੂਬੇ ਵਿਚ ਹੜ੍ਹਾਂ ਨਾਲ ਪਹਿਲਾਂ ਹੀ ਬਹੁਤ ਨੁਕਸਾਨ ਹੋ ਚੁੱਕਾ ਹੈ ਅਤੇ ਸਰਕਾਰ ਨੇ ਇਸ ਨੁਕਸਾਨ ਦੀ ਭਰਪਾਈ ਕਰਨ ਲਈ ਪੀੜਤ ਲੋਕਾਂ ਨੂੰ ਮੁਆਵਜ਼ਾ ਦੇਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਤੋਂ ਬਾਅਦ ਉਨ੍ਹਾਂ ਨੇ ਵਿਸ਼ੇਸ਼ ਗਿਰਦਾਵਰੀ ਕਰਵਾਉਣ ਦੇ ਹੁਕਮ ਦਿੱਤੇ ਸਨ ਜਿਸ ਤਹਿਤ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਨੁਕਸਾਨ ਦੀ ਭਰਪਾਈ ਕਰਨ ਲਈ ਫਸਲਾਂ, ਘਰ ਤੇ ਪਸ਼ੂ ਆਦਿ ਨੂੰ ਵਿਸ਼ੇਸ਼ ਗਿਰਦਾਵਰੀ ਹੇਠ ਲਿਆਂਦਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਇਕ-ਇਕ ਪੈਸੇ ਦਾ ਮੁਆਵਜ਼ਾ ਦੇਵੇਗੀ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

## ਜੈਪੁਰ-ਮੁੰਬਈ ਐਕਸਪ੍ਰੈਸ ਗੋਲੀਬਾਰੀ ਮਾਮਲਾ: ਮੁਲਜ਼ਮ ਕਾਂਸਟੇਬਲ ਚੇਤਨ ਸਿੰਘ ਨੂੰ ਰੇਲਵੇ ਨੇ ਨੌਕਰੀ ਤੋਂ ਕੀਤਾ ਬਰਖਾਸਤ



ਨਵੀਂ ਦਿੱਲੀ, 16 ਅਗਸਤ (ਪੋਸਟ ਬਿਊਰੋ): ਕੁਝ ਸਮਾਂ ਪਹਿਲਾਂ ਜੈਪੁਰ-ਮੁੰਬਈ ਐਕਸਪ੍ਰੈੱਸ ਟਰੇਨ ਵਿਚ ਗੋਲੀਬਾਰੀ ਦੀ ਘਟਨਾ ਕਾਰਨ ਹੜਕੰਪ ਮਚ ਗਿਆ ਸੀ। ਹੁਣ ਇਸ ਘਟਨਾ ਦੇ ਦੋਸ਼ੀ ਕਾਂਸਟੇਬਲ ਚੇਤਨ ਸਿੰਘ ਖਿਲਾਫ ਰੇਲਵੇ ਨੇ ਵੱਡੀ ਕਾਰਵਾਈ ਕੀਤੀ ਹੈ। ਰੇਲਵੇ ਨੇ ਮੁਲਜ਼ਮ ਚੇਤਨ ਸਿੰਘ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਹੈ। ਚੇਤਨ ਇਸ ਸਮੇਂ ਜੇਲ੍ਹ ਵਿੱਚ ਹੈ।

ਜੈਪੁਰ-ਮੁੰਬਈ ਐਕਸਪ੍ਰੈਸ ਟਰੇਨ ਵਿਚ ਗੋਲੀਬਾਰੀ ਦੀ ਘਟਨਾ ਨੇ ਹਲਚਲ ਮਚਾ ਦਿੱਤੀ ਸੀ। ਇਸ ਘਟਨਾ ਵਿਚ 4 ਲੋਕਾਂ ਦੀ ਮੌਤ ਹੋ ਗਈ ਸੀ। ਜਿਸ ਵਿੱਚ ਇੱਕ ਏਐੱਸਆਈ ਟੀਕਾਰਾਮ ਸਮੇਤ ਤਿੰਨ ਸਵਾਰੀਆਂ ਸ਼ਾਮਿਲ ਸਨ। ਆਰ.ਪੀ.ਐੱਫ. ਕਾਂਸਟੇਬਲ ਦੀ ਪੋਸਟਿੰਗ ਹਾਲ ਹੀ ਵਿਚ ਹੋਈ ਸੀ। ਕਾਂਸਟੇਬਲ ਨੇ ਆਪਣੀ ਰਾਈਫਲ ਨਾਲ ਕਤਲ ਨੂੰ ਅੰਜ਼ਾਮ ਦਿੱਤਾ ਸੀ। ਪਤਾ ਲੱਗਾ ਹੈ ਕਿ ਚੇਤਨ ਸਿੰਘ ਦੀ ਤਾਇਨਾਤੀ ਨੂੰ ਲੈ ਕੇ ਕੋਈ ਨਾਰਾਜ਼ਗੀ ਨਹੀਂ ਸੀ। ਉਸ ਨੇ ਇਹ ਪੋਸਟਿੰਗ ਆਪਣੀਆਂ ਸ਼ਰਤਾਂ 'ਤੇ ਮੰਗੀ ਸੀ।


ਇਸ ਘਟਨਾ ਵਿਚ ਚਾਰੇ ਪੀੜਤਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਇਹ ਘਟਨਾ ਵਾਪੀ ਤੋਂ ਬੋਰੀਵਲੀ ਮੀਰਾ ਰੋਡ ਸਟੇਸ਼ਨ ਦੇ ਵਿਚਕਾਰ ਵਾਪਰੀ। ਘਟਨਾ ਦੇ ਦੋਸ਼ੀ ਚੇਤਨ ਸਿੰਘ ਦੀ ਪਤਨੀ ਰੇਣੂ ਨੇ ਦੱਸਿਆ ਕਿ ਚੇਤਨ ਸਿੰਘ ਦੀ ਮਾਨਸਿਕ ਹਾਲਤ ਠੀਕ ਨਹੀਂ ਹੈ ਅਤੇ ਉਸ ਦਾ ਇਲਾਜ ਚੱਲ ਰਿਹਾ ਹੈ। ਇਹ ਘਟਨਾ 31 ਜੁਲਾਈ ਨੂੰ ਸਵੇਰੇ 5 ਵਜੇ ਦੇ ਕਰੀਬ ਵਾਪਰੀ ਸੀ।

## ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਰਾਮਕਥਾ ਵਿਚ ਹੋਏ ਸ਼ਾਮਿਲ ਹੋਏ, ਕਿਹਾ- ਪ੍ਰਧਾਨ ਮੰਤਰੀ ਨਹੀਂ, ਮੈਂ ਹਿੰਦੂ ਦੇ ਤੌਰ 'ਤੇ ਆਇਆ ਹਾਂ

ਕੈਮਬ੍ਰਿਜ, 16 ਅਗਸਤ (ਪੋਸਟ ਬਿਊਰੋ): ਬ੍ਰਿਟਿਸ਼ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਮੰਗਲਵਾਰ ਨੂੰ ਮੋਰਾਰੀ ਬਾਪੂ ਦੀ ਰਾਮਕਥਾ 'ਚ ਸ਼ਿਰਕਤ ਕੀਤੀ। ਇਹ ਰਾਮਕਥਾ ਕੈਂਬਰਿਜ ਯੂਨੀਵਰਸਿਟੀ, ਯੂ.ਕੇ. ਵਿੱਚ ਹੋ ਰਹੀ ਹੈ। ਇੱਥੇ ਸੁਨਕ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਦੇ ਤੌਰ 'ਤੇ ਨਹੀਂ ਸਗੋਂ ਇੱਕ ਹਿੰਦੂ ਦੇ ਤੌਰ 'ਤੇ ਬਿਰਤਾਂਤ ਵਿੱਚ ਸ਼ਾਮਿਲ ਹੋਏ ਹਨ। ਇਸ ਦੌਰਾਨ ਉਨ੍ਹਾਂ ਜੈ ਸ਼੍ਰੀ ਰਾਮ ਦਾ ਨਾਅਰਾ ਵੀ ਲਗਾਇਆ।

ਰਿਸ਼ੀ ਸੁਨਕ ਨੇ ਕਿਹਾ ਕਿ ਧਰਮ ਮੇਰੇ ਲਈ ਬਹੁਤ ਨਿੱਜੀ ਹੈ। ਇਹ ਜੀਵਨ ਦੇ ਹਰ ਪਹਿਲੂ ਵਿੱਚ ਮੇਰਾ ਮਾਰਗਦਰਸ਼ਨ ਕਰਦਾ ਹੈ। ਪ੍ਰਧਾਨ ਮੰਤਰੀ ਬਣਨਾ ਸਨਮਾਨ ਦੀ ਗੱਲ ਹੈ, ਪਰ ਇਹ ਕੋਈ ਆਸਾਨ ਕੰਮ ਨਹੀਂ ਹੈ। ਇੱਥੇ ਤੁਹਾਨੂੰ ਸਖ਼ਤ ਫੈਸਲੇ ਲੈਣੇ ਪੈਣਗੇ।

ਰਿਸ਼ੀ ਸੁਨਕ ਨੇ ਕਿਹਾ ਕਿ ਧਰਮ ਮੈਨੂੰ ਦੇਸ਼ ਲਈ ਸਰਵੋਤਮ ਕੰਮ ਕਰਨ ਦੀ ਹਿੰਮਤ ਅਤੇ ਤਾਕਤ ਦਿੰਦਾ ਹੈ। ਰਾਮ ਹਮੇਸ਼ਾ ਮੈਨੂੰ ਪ੍ਰੇਰਿਤ ਕਰਦੇ ਹਨ। ਉਹ ਜੀਵਨ ਦੀਆਂ ਚੁਣੌਤੀਆਂ ਦਾ ਹਿੰਮਤ ਨਾਲ ਸਾਹਮਣਾ ਕਰਨਾ, ਨਿਮਰਤਾ ਨਾਲ ਰਾਜ ਕਰਨਾ ਅਤੇ ਨਿਰਸਵਾਰਥ ਹੋ ਕੇ ਕੰਮ ਕਰਨਾ ਸਿਖਾਉਂਦੇ ਹਨ।



ਉਨ੍ਹਾਂ ਨੇ ਅੱਗੇ ਕਿਹਾ ਕਿ ਜਦੋਂ ਮੈਂ ਚਾਂਸਲਰ ਸੀ, ਦੀਵਾਲੀ 'ਤੇ 11 ਡਾਊਨਿੰਗ ਸਟ੍ਰੀਟ ਦੇ ਬਾਹਰ ਦੀਵੇ ਜਗਾਉਣਾ ਮੇਰੇ ਲਈ ਬਹੁਤ ਖਾਸ ਪਲ ਸੀ। ਮੈਨੂੰ ਹਿੰਦੂ ਹੋਣ 'ਤੇ ਮਾਣ ਹੈ ਅਤੇ ਬ੍ਰਿਟਿਸ਼ ਹੋਣ 'ਤੇ ਵੀ ਮਾਣ ਹੈ।

## ਗਾਜ਼ੀਆਬਾਦ ਵਿਚ ਪੁਲਿਸ ਵੱਲੋਂ ਨੌਜਵਾਨ ਨੂੰ ਲੱਤਾਂ-ਮੁੱਕਿਆਂ ਨਾਲ ਕੁੱਟਣ ਦਾ ਵੀਡੀਓ ਵਾਇਰਲ



ਗਾਜ਼ੀਆਬਾਦ, 16 ਅਗਸਤ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਗਾਜ਼ੀਆਬਾਦ ਸ਼ਹਿਰ ਤੋਂ ਇੱਕ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਇੱਕ ਨੌਜਵਾਨ ਨੂੰ ਪੁਲਿਸ ਵਲੋਂ ਬੇਰਹਿਮੀ ਨਾਲ ਕੁੱਟਣ ਦਾ ਵੀਡੀਓ ਵਾਇਰਲ ਹੋ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਘਟਨਾ 14 ਅਗਸਤ ਦੀ ਹੈ। ਇਸ ਘਟਨਾ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਕਾਂਗਰਸ ਪਾਰਟੀ ਵੀ ਭੜਕ ਗਈ ਹੈ ਅਤੇ ਸੂਬੇ ਦੀ ਕਾਨੂੰਨ ਵਿਵਸਥਾ 'ਤੇ ਸਵਾਲ ਉਠਾ ਰਹੀ ਹੈ।

ਯੂਪੀ ਕਾਂਗਰਸ ਨੇ ਵੀ ਪੁਲਿਸ ਦੀ ਇਸ ਵਧੀਕੀ ਦਾ ਵੀਡੀਓ ਸ਼ੇਅਰ ਕੀਤਾ ਹੈ। ਵੀਡੀਓ ਸ਼ੇਅਰ ਕਰਦੇ ਹੋਏ ਕਾਂਗਰਸ ਨੇ ਲਿਖਿਆ ਕਿ ਸੂਬੇ 'ਚ ਕਾਨੂੰਨ ਵਿਵਸਥਾ ਨੂੰ ਖਰਾਬ ਕਰਨ ਵਾਲੀ ਪੁਲਿਸ ਨੂੰ ਜਦੋਂ ਕੋਈ ਕਮਜ਼ੋਰ ਲੱਗਦਾ ਹੈ ਤਾਂ ਉਹ ਦਬੰਗ ਜਾਂ ਸਿੰਘਮ ਦੇ ਹੀਰੋ ਵਾਂਗ ਮਹਿਸੂਸ ਕਰਦੀ ਹੈ। ਪਰ ਜਦੋਂ ਸੱਤਾ ਤੋਂ ਸੁਰੱਖਿਅਤ ਅਪਰਾਧੀ ਸਾਹਮਣੇ ਹੋਵੇ ਤਾਂ ਹਵਾ ਨਿਕਲ ਜਾਂਦੀ ਹੈ।

ਜਾਣਕਾਰੀ ਅਨੁਸਾਰ ਯੂਪੀ ਪੁਲਿਸ ਦਾ ਇਹ ਕਾਂਸਟੇਬਲ 14 ਅਗਸਤ ਨੂੰ ਪਰਿਵਾਰਕ ਝਗੜੇ ਨੂੰ ਸੁਲਝਾਉਣ ਲਈ ਪਹੁੰਚਿਆ ਸੀ। ਇੱਥੇ ਉਸ ਨੇ ਆਪਣਾ ਗੁੱਸਾ ਗੁਆ ਕੇ ਨੌਜਵਾਨ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ। ਵੀਡੀਓ ਵਿਚ ਸਾਫ ਦਿਖਾਈ ਦੇ ਰਿਹਾ ਹੈ ਕਿ ਕਾਂਸਟੇਬਲ ਨੌਜਵਾਨ ਦੀ ਬੇਰਹਿਮੀ ਨਾਲ ਲੱਤਾਂ ਅਤੇ ਮੁੱਕਿਆਂ ਨਾਲ ਕੁੱਟਮਾਰ ਕਰ ਰਿਹਾ ਹੈ। ਵੀਡੀਓ ਵਾਇਰਲ ਹੋਣ ਤੋਂ ਬਾਅਦ ਲੋਕ ਪੁਲਿਸ ਦੀ ਕਾਰਜਸ਼ੈਲੀ 'ਤੇ ਵੀ ਸਵਾਲ ਚੁੱਕ ਰਹੇ ਹਨ।

## ਪਾਕਿਸਤਾਨ ਵਿਚ ਭੀੜ ਨੇ 3 ਚਰਚਾਂ ਅਤੇ ਘਰਾਂ ਨੂੰ ਲਗਾਈ ਅੱਗ



ਇਸਲਾਮਾਬਾਦ, 16 ਅਗਸਤ (ਪੋਸਟ ਬਿਊਰੋ): ਪਾਕਿਸਤਾਨ ਦੇ ਪੰਜਾਬ ਸੂਬੇ ਦੇ ਸ਼ਹਿਰ ਫੈਸਲਾਬਾਦ ਵਿੱਚ ਬੁੱਧਵਾਰ ਨੂੰ ਕੱਟੜਪੰਥੀਆਂ ਨੇ ਤਿੰਨ ਚਰਚਾਂ ਨੂੰ ਅੱਗ ਲਾ ਦਿੱਤੀ। ਇਸ ਤੋਂ ਇਲਾਵਾ ਪਹਿਲਾਂ ਈਸਾਈਆਂ ਦੇ ਘਰਾਂ ਨੂੰ ਲੁੱਟਿਆ ਗਿਆ, ਉਸ ਤੋਂ ਬਾਅਦ ਅੱਗ ਲਗਾ ਦਿੱਤੀ ਗਈ। ਕੱਟੜਪੰਥੀ ਸਮੂਹਾਂ ਦਾ ਦੋਸ਼ ਹੈ ਕਿ ਚਰਚ ਦੁਆਰਾ ਈਸ਼ਨਿੰਦਾ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਸੀ।

ਇਸ ਘਟਨਾ ਦੀਆਂ ਕਈ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਹਨ। ਇਨ੍ਹਾਂ ਵਿੱਚ ਮੁਲਜ਼ਮਾਂ ਦੇ ਚਿਹਰੇ ਵੀ ਪਛਾਣੇ ਜਾ ਸਕਦੇ ਹਨ। ਖਾਸ ਗੱਲ ਇਹ ਹੈ ਕਿ ਸਾਰੀਆਂ ਵੀਡੀਓਜ਼ ਸਾਹਮਣੇ ਆਉਣ ਦੇ ਬਾਵਜੂਦ ਹੁਣ ਤੱਕ ਪਾਕਿਸਤਾਨ ਦੀ ਕਾਰਜਕਾਰੀ ਸਰਕਾਰ ਅਤੇ ਫੌਜ ਨੇ ਕੋਈ ਬਿਆਨ ਜਾਰੀ ਨਹੀਂ ਕੀਤਾ ਹੈ।

'ਪਾਕਿਸਤਾਨ ਡੇਲੀ' ਦੀ ਰਿਪੋਰਟ ਅਨੁਸਾਰ ਬੁੱਧਵਾਰ ਸਵੇਰੇ ਫੈਸਲਾਬਾਦ 'ਚ ਅਫਵਾਹ ਫੈਲ ਗਈ ਕਿ ਇੱਥੋਂ ਦੇ ਚਰਚ 'ਚ ਈਸ਼ਨਿੰਦਾ ਹੋਇਆ ਹੈ। ਇਹ ਵੀ ਕਿਹਾ ਗਿਆ ਕਿ ਇਹ ਸਿਲਸਿਲਾ ਪਿਛਲੇ ਕਈ ਦਿਨਾਂ ਤੋਂ ਚੱਲ ਰਿਹਾ ਹੈ ਅਤੇ ਇਲਾਕੇ ਵਿਚ ਰਹਿਣ ਵਾਲੇ ਈਸਾਈ ਇਸ ਦਾ ਪ੍ਰਚਾਰ ਕਰ ਰਹੇ ਹਨ। ਦੂਜੇ ਪਾਸੇ ਅਖਬਾਰ 'ਦਿ ਡਾਨ' ਨਾਲ ਗੱਲਬਾਤ 'ਚ ਈਸਾਈ ਭਾਈਚਾਰੇ ਦੇ ਨੇਤਾ ਇਮਰਾਨ ਭਾਟੀ ਨੇ ਕਿਹਾ ਕਿ ਸਾਡੇ ਤਿੰਨ ਚਰਚਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇਨ੍ਹਾਂ ਨੂੰ ਭੰਨਤੋੜ ਤੋਂ ਬਾਅਦ ਅੱਗ ਲਗਾ ਦਿੱਤੀ ਗਈ। ਇੱਥੇ ਰਹਿਣ ਵਾਲੇ ਈਸਾਈਆਂ ਦੇ ਘਰ ਲੁੱਟੇ ਗਏ। ਇਸ ਤੋਂ ਬਾਅਦ ਅੱਗ ਵੀ ਲਗਾ ਦਿੱਤੀ ਗਈ।

ਕੁਝ ਹੀ ਦੇਰ ਵਿਚ ਜੜਾਂਵਾਲਾ ਇਲਾਕੇ ਦੇ ਚਰਚ ਅਤੇ ਈਸਾਈ ਬਸਤੀ ਵਿਚ ਸੈਂਕੜੇ ਕੱਟੜਪੰਥੀ ਪਹੁੰਚ ਗਏ। ਇਨ੍ਹਾਂ ਸਾਰਿਆਂ ਦੇ ਹੱਥਾਂ ਵਿੱਚ ਤੇਜ਼ਧਾਰ ਹਥਿਆਰ, ਡੰਡੇ ਅਤੇ ਪੈਟਰੋਲ ਸੀ। ਸਭ ਤੋਂ ਪਹਿਲਾਂ ਇਹ ਲੋਕ ਚਰਚ ਵਿੱਚ ਦਾਖਲ ਹੋਏ। ਉੱਥੇ ਭੰਨਤੋੜ ਕੀਤੀ। ਇਸ ਤੋਂ ਬਾਅਦ ਚਰਚ ਦੀ ਛੱਤ 'ਤੇ ਪਹੁੰਚ ਕੇ ਸਲੀਬ ਸੁੱਟ ਦਿੱਤੀ। ਕੁਝ ਦੇਰ ਬਾਅਦ ਚਰਚ ਨੂੰ ਪੈਟਰੋਲ ਪਾ ਕੇ ਅੱਗ ਲਗਾ ਦਿੱਤੀ ਗਈ।

## ਹਿਮਾਚਲ ਵਿਚ ਆਈ.ਏ.ਐੱਫ. ਦੇ ਹੈਲੀਕਾਪਟਰ ਨਾਲ ਲੋਕਾਂ ਨੂੰ ਬਚਾਇਆ





ਨਵੀਂ ਦਿੱਲੀ, 16 ਅਗਸਤ (ਪੋਸਟ ਬਿਊਰੋ): ਹਿਮਾਚਲ ਅਤੇ ਉੱਤਰਾਖੰਡ ਵਿਚ ਪਿਛਲੇ 3 ਦਿਨਾਂ ਤੋਂ ਮੀਂਹ ਪੈ ਰਿਹਾ ਹੈ। ਦੋਨਾਂ ਰਾਜਾਂ ਵਿਚ ਜ਼ਮੀਨ ਖਿਸਕਣ ਅਤੇ ਬੱਦਲ ਫਟਣ ਨਾਲ ਸਬੰਧਤ ਘਟਨਾਵਾਂ ਵਿੱਚ 80 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ। ਮੌਸਮ ਵਿਭਾਗ ਨੇ ਅਗਲੇ 24 ਘੰਟਿਆਂ ਦੌਰਾਨ ਇੱਥੇ ਭਾਰੀ ਮੀਂਹ ਦਾ ਅਲਰਟ ਜਾਰੀ ਕੀਤਾ ਹੈ। ਦੂਜੇ ਪਾਸੇ ਮੰਗਲਵਾਰ ਨੂੰ ਉਤਰਾਖੰਡ ਦੇ ਰੁਦਰਪ੍ਰਯਾਗ ਦੇ ਮੱਧਮਹੇਸ਼ਵਰ ਧਾਮ ਦੇ ਦਰਸ਼ਨਾਂ ਲਈ ਆਏ 20-25 ਸ਼ਰਧਾਲੂ ਫਸ ਗਏ। ਦਰਅਸਲ ਮੱਧਮਹੇਸ਼ਵਰ ਧਾਮ ਅਤੇ ਹਾਈਵੇਅ ਦੇ ਵਿਚਕਾਰ ਇੱਕ ਪੁਲ ਸੀ ਜੋ ਮੀਂਹ ਕਾਰਨ ਟੁੱਟ ਗਿਆ, ਸੰਪਰਕ ਟੁੱਟ ਗਿਆ।

ਪ੍ਰਸ਼ਾਸਨ ਨੇ ਹੈਲੀਕਾਪਟਰ ਰਾਹੀਂ ਬਚਾਅ ਮੁਹਿੰਮ ਚਲਾਈ, ਪਰ ਧਾਮ ਵਿਚ ਕੋਈ ਲੈਂਡਿੰਗ ਨਹੀਂ ਹੋਈ। ਫਿਰ 7 ਤੋਂ ਵੱਧ ਸਥਾਨਕ ਔਰਤਾਂ ਅੱਗੇ ਆਈਆਂ ਅਤੇ ਉਨ੍ਹਾਂ ਨੇ ਕੁਝ ਘੰਟਿਆਂ ਵਿੱਚ ਹੈਲੀਪੈਡ ਤਿਆਰ ਕਰਵਾ ਲਿਆ। ਉਦੋਂ ਹੀ ਫਸੇ ਲੋਕਾਂ ਨੂੰ ਬਚਾਇਆ ਗਿਆ।

## ਏ.ਟੀ.ਐੱਸ. ਨੇ ਔਰਤ ਸਮੇਤ 5 ਨਕਸਲੀ ਫੜ੍ਹੇ, ਬੈਂਕ ਡਕੈਤੀ ਵਿੱਚ ਨਕਸਲੀ ਸਿਤਾਰਾ ਸੀ ਸ਼ਾਮਿਲ



ਲਖਨਊ, 16 ਅਗਸਤ (ਪੋਸਟ ਬਿਊਰੋ): ਯੂਪੀ ਏ.ਟੀ.ਐੱਸ. ਨੇ ਮੰਗਲਵਾਰ ਨੂੰ ਬਲੀਆ ਤੋਂ ਔਰਤ ਸਮੇਤ ਪੰਜ ਨਕਸਲੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਸਾਰੇ ਪੂਰਵਾਂਚਲ ਵਿੱਚ ਆਪਣੇ ਨਕਸਲੀ ਸੰਗਠਨ ਦਾ ਵਿਸਥਾਰ ਕਰਨ ਅਤੇ ਸਰਗਰਮੀਆਂ ਵਧਾਉਣ ਲਈ ਨਕਾਬਪੋਸ਼ ਸੰਗਠਨਾਂ ਰਾਹੀਂ ਗੁਪਤ ਮੀਟਿੰਗਾਂ ਕਰ ਰਹੇ ਸਨ। ਇਨ੍ਹਾਂ ਸਾਰਿਆਂ ਨੂੰ ਸਹਤਵਾਰ ਥਾਣਾ ਖੇਤਰ ਦੇ ਬਸੰਤਪੁਰ ਪਿੰਡ ਵਿਚ ਸੰਗਠਨ ਦੀ ਮੀਟਿੰਗ ਕਰਦੇ ਹੋਏ ਫੜ੍ਹਿਆ ਗਿਆ ਹੈ।

ਸੂਚਨਾ ਮਿਲਦੇ ਹੀ ਏਟੀਐਸ ਨੇ ਛਾਪਾ ਮਾਰ ਕੇ ਤਾਰਾ ਦੇਵੀ, ਲੱਲੂ ਰਾਮ, ਸੱਤਿਆ ਪ੍ਰਕਾਸ਼, ਰਾਮਮੂਰਤ ਅਤੇ ਵਿਨੋਦ ਸਾਹਨੀ ਵਾਸੀ ਬਲੀਆ ਨੂੰ ਗ੍ਰਿਫ਼ਤਾਰ ਕਰ ਲਿਆ। ਇਨ੍ਹਾਂ ਕੋਲੋਂ ਪਾਬੰਦੀਸ਼ੁਦਾ ਜੱਥੇਬੰਦੀ ਸੀ.ਪੀ.ਆਈ. (ਮਾਓਵਾਦੀ) ਨਾਲ ਸਬੰਧਤ ਸਾਹਿਤ, ਦਸਤਾਵੇਜ਼, ਪਰਚੇ, ਸੱਤ ਮੋਬਾਈਲ, 9 ਐੱਮ.ਐੱਮ. ਦਾ ਪਿਸਤੌਲ ਅਤੇ ਕਾਰਤੂਸ ਬਰਾਮਦ ਹੋਏ ਹਨ।

ਏਟੀਐੱਸ ਮੁਤਾਬਕ ਸੀਪੀਆਈ (ਮਾਓਵਾਦੀ) ਨਕਸਲੀ ਸੰਗਠਨ ਨੂੰ ਯੂਪੀ, ਬਿਹਾਰ ਅਤੇ ਝਾਰਖੰਡ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਨਕਸਲੀ ਗਤੀਵਿਧੀਆਂ ਦੇ ਵਿਸਥਾਰ ਦੀ ਗੁਪਤ ਸੂਚਨਾ ਮਿਲ ਰਹੀ ਸੀ। ਇਹ ਲੋਕ ਨਕਾਬਪੋਸ਼ ਜੱਥੇਬੰਦੀਆਂ ਰਾਹੀਂ ਦੇਸ਼ ਅੰਦਰ ਹਥਿਆਰਬੰਦ ਬਗਾਵਤ ਛੇੜਨ ਦੀ ਤਿਆਰੀ ਕਰ ਰਹੇ ਸਨ।

## ਔਰਤ ਨੇ ਲਿਵ-ਇਨ ਪਾਰਟਨਰ ਦੇ ਬੇਟੇ ਦਾ ਕੀਤਾ ਕਤਲ



ਨਵੀਂ ਦਿੱਲੀ, 16 ਅਗਸਤ (ਪੋਸਟ ਬਿਊਰੋ): ਦਿੱਲੀ ਵਿਚ ਇਕ ਔਰਤ ਨੇ ਆਪਣੇ ਲਿਵ-ਇਨ ਪਾਰਟਨਰ ਦੇ ਨਾਬਾਲਗ ਬੇਟੇ ਦਾ ਕਤਲ ਕਰ ਦਿੱਤਾ। ਉਸਦਾ ਬੁਆਏਫ੍ਰੈਂਡ ਆਪਣੀ ਪਤਨੀ ਤੋਂ ਤਲਾਕ ਨਹੀਂ ਲੈ ਰਿਹਾ ਸੀ। ਮੁਲਜ਼ਮ ਔਰਤ ਨੇ ਇਸ ਲਈ ਆਪਣੇ 11 ਸਾਲ ਦੇ ਬੇਟੇ ਨੂੰ ਜ਼ਿੰਮੇਵਾਰ ਸਮਝਿਆ, ਇਸ ਲਈ ਉਸ ਨੇ ਬਦਲਾ ਲੈਣ ਦੇ ਮਕਸਦ ਨਾਲ ਬੱਚੇ ਦਾ ਕਤਲ ਕਰ ਦਿੱਤਾ। ਇਸ ਤੋਂ ਬਾਅਦ ਬੱਚੇ ਦੀ ਲਾਸ਼ ਨੂੰ ਬੈੱਡ ਦੇ ਡੱਬੇ ਵਿਚ ਲਕਾ ਦਿੱਤਾ। ਪੁਲਿਸ ਨੇ ਔਰਤ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਪੁਲਸ ਮੁਤਾਬਕ 24 ਸਾਲਾ ਮੁਲਜ਼ਮ ਪੂਜਾ ਕੁਮਾਰੀ ਨੇ ਅਕਤੂਬਰ 2019 ਵਿਚ ਆਪਣੇ ਬੁਆਏਫ੍ਰੈਂਡ ਜਤਿੰਦਰ ਨਾਲ ਆਰੀਆ ਸਮਾਜ ਦੇ ਮੰਦਰ ਵਿਚ ਵਿਆਹ ਕੀਤਾ ਸੀ। ਜਤਿੰਦਰ ਪਹਿਲਾਂ ਹੀ ਵਿਆਹਿਆ ਹੋਇਆ ਸੀ ਅਤੇ ਉਸ ਦਾ ਇੱਕ ਪੁੱਤਰ ਵੀ ਸੀ। ਉਸ ਨੇ ਪੂਜਾ ਨੂੰ ਕਿਹਾ ਕਿ ਉਹ ਆਪਣੀ ਪਤਨੀ ਨੂੰ ਤਲਾਕ ਦੇਵੇਗਾ ਅਤੇ ਫਿਰ ਪੂਜਾ ਨਾਲ ਅਦਾਲਤ ਵਿਚ ਵਿਆਹ ਕਰ ਲਵੇਗਾ।

ਉਹ ਦੋਵੇਂ ਕਿਰਾਏ ਦੇ ਮਕਾਨ ਵਿੱਚ ਇਕੱਠੇ ਰਹਿਣ ਲੱਗੇ। ਇਸ ਦੌਰਾਨ ਦੋਹਾਂ ਵਿਚਾਲੇ ਤਲਾਕ ਨੂੰ ਲੈ ਕੇ ਝਗੜਾ ਸ਼ੁਰੂ ਹੋ ਗਿਆ। ਕੁਝ ਸਮੇਂ ਬਾਅਦ ਜਤਿੰਦਰ ਨੇ ਆਪਣੀ ਪਤਨੀ ਨੂੰ ਤਲਾਕ ਦੇਣ ਤੋਂ ਇਨਕਾਰ ਕਰ ਦਿੱਤਾ। ਪਿਛਲੇ ਸਾਲ ਦਸੰਬਰ ਵਿਚ ਜਤਿੰਦਰ ਨੇ ਪੂਜਾ ਨੂੰ ਛੱਡ ਦਿੱਤਾ ਅਤੇ ਆਪਣੀ ਪਤਨੀ ਨਾਲ ਰਹਿਣ ਲੱਗ ਪਿਆ।

ਜਤਿੰਦਰ ਦੇ ਜਾਣ ਕਾਰਨ ਪੂਜਾ ਨੂੰ ਗੁੱਸਾ ਆਉਣ ਲੱਗਾ। ਉਸ ਨੂੰ ਲੱਗਾ ਕਿ ਜਤਿੰਦਰ ਉਸ ਦੇ ਬੇਟੇ ਕਾਰਨ ਉਸ ਨੂੰ ਛੱਡ ਗਿਆ ਹੈ। ਉਹ 10 ਅਗਸਤ ਨੂੰ ਇੰਦਰਪੁਰੀ ਦੀ ਜੇਜੇ ਕਲੋਨੀ ਸਥਿਤ ਜਤਿੰਦਰ ਦੇ ਘਰ ਪਹੁੰਚੀ। ਘਰ ਦਾ ਦਰਵਾਜ਼ਾ ਖੁੱਲ੍ਹਾ ਸੀ ਅਤੇ ਅੰਦਰ ਜਤਿੰਦਰ ਦਾ 11 ਸਾਲਾ ਪੁੱਤਰ ਦਿਵਿਆਂਸ਼ ਸੁੱਤਾ ਪਿਆ ਸੀ। ਸੌਂਦੇ ਸਮੇਂ ਪੂਜਾ ਨੇ ਦਿਵਿਆਂਸ਼ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਇਸ ਤੋਂ ਬਾਅਦ ਉਸ ਦੀ ਲਾਸ਼ ਬੈੱਡ ਦੇ ਅੰਦਰ ਲੁਕੋ ਕੇ ਮੌਕੇ ਤੋਂ ਫਰਾਰ ਹੋ ਗਈ।




## ਹੜ੍ਹ ਦੀ ਸਥਿਤੀ ਨੂੰ ਲੈ ਕੇ ਅਧਿਕਾਰੀਆਂ ਨੂੰ ਧੁਸੀ ਬੰਨ੍ਹ ਦੀ ਮਜ਼ਬੂਤੀ, ਲੋਕਾਂ ਲਈ ਰਾਹਤ ਸਮੱਗਰੀ ਸਮੇਤ ਹੋਰ ਕੰਮਾਂ ਵਿੱਚ ਤੇਜ਼ੀ ਲਿਆਉਣ ਦੀ ਹਦਾਇਤ



ਫਿਰੋਜ਼ਪੁਰ 16 ਅਗਸਤ (ਗਿਆਨ ਸਿੰਘ): ਜ਼ਿਲ੍ਹੇ ਵਿੱਚ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਰਾਜੇਸ਼ ਧੀਮਾਨ ਵੱਲੋਂ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ ਗਈ ਅਤੇ ਅਧਿਕਾਰੀਆਂ ਨੂੰ ਧੁਸੀ ਬੰਨ ਦੀ ਮਜਬੂਤੀ ਅਤੇ ਲੋਕਾਂ ਲਈ ਰਾਹਤ ਸਮੱਗਰੀ ਆਦਿ ਕੰਮਾਂ ਵਿੱਚ ਤੇਜੀ ਲਿਆਉਣ ਦੀ ਹਦਾਇਤੀ ਕੀਤੀ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਤਲੁਜ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਮੁੜ ਤੋਂ ਹੜ ਦੀ ਸਥਿਤੀ ਬਣ ਸਕਦੀ ਹੈ ਜਿਸ ਲਈ ਪਹਿਲਾਂ ਤੋਂ ਹੀ ਸਬੰਧਿਤ ਵਿਭਾਗਾਂ ਦੇ ਅਧਿਕਾਰੀ ਬੰਨਾਂ ਦੀ ਮਜਬੂਤੀ ਲਈ ਕੰਮ ਕਰਨ ਅਤੇ ਸਾਰੀਆਂ ਥਾਵਾਂ ਤੇ ਜੇ.ਸੀ.ਬੀ, ਮਿੱਟੀ, ਗੱਟੇ, ਲੋਕਾਂ ਲਈ ਮੈਡੀਕਲ ਸਹੂਲਤਾਂ, ਲੰਗਰ ਆਦਿ ਦਾ ਪ੍ਰਬੰਧ ਕਰ ਕੇ ਰੱਖਣ।

ਉਨ੍ਹਾਂ ਅਧਿਕਾਰੀਆਂ ਨੂੰ ਹੜ੍ਹ ਪ੍ਰਭਾਵਿਤ ਪਿੰਡਾਂ ਗੱਟਾ ਬਾਦਸ਼ਾਹ, ਰੁਕਨੇ ਵਾਲਾ, ਨਿਹਾਲਾ ਲਵੇਰਾ, ਹਬੀਬ ਕੇ ਸਮੇਤ ਗੁਰੂਹਰਸਹਾਏ ਦੇ ਪਿੰਡ ਗਜਨੀ ਵਾਲਾ ਆਦਿ ਪਿੰਡਾਂ ਵਿੱਚ ਬੰਨਾਂ ਦੀ ਮਜ਼ਬੂਤੀ ਲਈ ਕੰਮ ਕਰਨ ਲਈ ਕਿਹਾ।

ਉਨ੍ਹਾਂ ਦੱਸਿਆ ਕਿ ਅੱਜ ਸਵੇਰੇ ਹਰੀਕੇ ਤੋਂ 97105 ਅਤੇ ਹੁਸੈਨੀ ਵਾਲਾ ਤੋਂ 93280 ਕਿਊਸਿਕ ਪਾਣੀ ਰਿਲੀਜ ਕੀਤਾ ਜਾ ਰਿਹਾ ਹੈ, ਇਸ ਲਈ ਉਨਾਂ ਧੁਸੀ ਬੰਨ ਦੇ ਅੰਦਰਲੇ ਇਲਾਕਿਆਂ ਦੇ ਲੋਕਾਂ ਨੂੰ ਰਾਹਤ ਕੈਂਪਾ/ਸੁਰੱਖਿਆ ਥਾਵਾਂ ਤੇ ਜਾਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਪੂਰੀ ਮੁਸਤੈਦੀ ਨਾਲ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਸਤਲੁਜ ਦਰਿਆ ਦੇ ਨੇੜੇ ਲੱਗਦੇ ਪਿੰਡਾਂ ਦੇ ਲੋਕਾਂ ਨੂੰ ਹੜ੍ਹਾਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿ ਸਮੂਹ ਅਧਿਕਾਰੀਆਂ ਨੂੰ ਆਪੋ-ਆਪਣੇ ਕੰਮਾਂ ਨਾਲ ਸਬੰਧਿਤ ਡਿਊਟੀਆਂ ਸੋਂਪ ਦਿੱਤੀਆਂ ਗਈਆਂ ਹਨ ਤਾਂ ਜੋ ਹੜ੍ਹਾਂ ਦੀ ਸਥਿਤੀ ਨਾਲ ਨਿਪਟਿਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਬੀ.ਐਸ.ਐਫ ਅਤੇ ਫੌਜ ਦੇ ਜਵਾਨਾਂ ਨੂੰ ਵੀ ਅਲਰਟ ਰਹਿਣ ਲਈ ਕਿਹਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਰੁਣ ਕੁਮਾਰ, ਐਸਡੀਐਮ ਗਗਨਦੀਪ ਸਿੰਘ, ਐਸਡੀਐਮ ਗੁਰਹਰਸਹਾਏ ਸੂਰਜ ਕੁਮਾਰ, ਤਹਿਸੀਲਦਾਰ ਪਰਵੀਨ ਕੁਮਾਰ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ, ਨਾਇਬ ਤਹਿਸੀਲਦਾਰ ਰਾਕੇਸ਼ ਅਗਰਵਾਲ, ਨਾਇਬ ਤਹਿਸੀਲਦਾਰ ਨਵਜੀਵਨ ਛਾਬੜਾ, ਐਕਸੀਅਨ ਡਰੇਨੇਜ ਗਿਤੇਸ਼ ਕੁਮਾਰ, ਐਕਸੀਅਨ ਪੀਡਲਯੂਡੀ ਇੰਦਰਜੀਤ ਸਿੰਘ ਸਮੇਤ ਸਮੂਹ ਬੀਡੀਪੀਓਜ਼ ਹਾਜ਼ਰ ਸਨ।

# ਦੇਸ਼ ਵੰਡ ਸਮੇਂ ਜਾਨਾਂ ਗਵਾਉਣ ਵਾਲੇ ਲੱਖਾਂ ਪੰਜਾਬੀਆਂ ਦੀ ਯਾਦ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ



ਅੰਮ੍ਰਿਤਸਰ, 16 ਅਗਸਤ (ਗਿਆਨ ਸਿੰਘ): ਸੰਨ 1947 'ਚ ਭਾਰਤ ਪਾਕਿਸਤਾਨ ਦੀ ਵੰਡ ਦੌਰਾਨ ਜਾਨਾਂ ਗਵਾਉਣ ਵਾਲੇ ਲੱਖਾਂ ਪੰਜਾਬੀਆਂ ਦੀ ਯਾਦ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ ਕਰਵਾਇਆ ਗਿਆ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਪਿਛਲੇ ਸਾਲ ਪਹਿਲੀ ਵਾਰ ਇਸ ਸਬੰਧ ਵਿਚ ਸਮਾਗਮ ਕੀਤਾ ਗਿਆ ਸੀ, ਜਿਸ ਦੀ ਲਗਾਤਾਰਤਾ 'ਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਵਿਛੜੀਆਂ ਰੂਹਾਂ ਨਮਿਤ ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸਰਵਣ ਕਰਵਾਇਆ।

ਸਮਾਗਮ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੰਨ 1947 ਵਿਚ ਦੇਸ਼ ਦੀ ਵੰਡ ਸਮੇਂ ਜਿਥੇ ਲੱਖਾਂ ਪੰਜਾਬੀਆਂ ਨੇ ਜਾਨਾਂ ਗੁਆਈਆਂ, ਉਥੇ ਹੀ ਲੋਕਾਂ ਨੂੰ ਆਪਣੀਆਂ ਜ਼ਮੀਨਾਂ ਜਾਇਦਾਦਾਂ ਅਤੇ ਕਾਰੋਬਾਰ ਵੀ ਛੱਡਣੇ ਪਏ। ਦੇਸ਼ ਵੰਡ ਮੌਕੇ ਸਿੱਖ ਕੌਮ ਨੂੰ ਵੀ ਆਪਣੇ ਪਾਵਨ ਗੁਰਧਾਮਾਂ ਤੋਂ ਵਿਛੜਨਾ ਪਿਆ। ਸ੍ਰੀ ਨਨਕਾਣਾ ਸਾਹਿਬ ਸਮੇਤ ਅਨੇਕਾਂ ਗੁਰ-ਅਸਥਾਨ ਪਾਕਿਸਤਾਨ ਅੰਦਰ ਰਹਿ ਗਏ, ਜਿਨ੍ਹਾਂ ਦੇ ਦਰਸ਼ਨਾਂ ਦੀ ਤਾਂਘ ਹਰ ਸਿੱਖ ਅੰਦਰ ਅੱਜ ਵੀ ਮੌਜੂਦ ਹੈ। ਉਨ੍ਹਾਂ ਕਿਹਾ ਕਿ ਅੱਜ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਅਜ਼ਾਦੀ ਦੇ ਜਸ਼ਨ ਮਨਾਉਂਦਿਆਂ ਉਜਾੜੇ ਦਾ ਸ਼ਿਕਾਰ ਹੋਏ ਪੰਜਾਬੀਆਂ ਨੂੰ ਬਿਲਕੁਲ ਭੁੱਲ ਚੁੱਕੀਆਂ ਹਨ। ਗਿਆਨੀ ਸੁਲਤਾਨ ਸਿੰਘ ਨੇ ਕਿਹਾ ਕਿ ਦੇਸ਼ ਵੰਡ ਸਮੇਂ ਮਾਰੇ ਗਏ ਇਨ੍ਹਾਂ ਬੇਕਸੂਰ ਲੋਕਾਂ ਦੀ ਯਾਦ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਕਰਕੇ ਸ਼ਰਧਾਂਜਲੀ ਭੇਟ ਕਰਨੀ ਸ਼ਲਾਘਾਯੋਗ ਕਦਮ ਹੈ, ਕਿਉਂਕਿ ਪੌਣੀ ਸਦੀ ਦੌਰਾਨ ਹੁਕਮਰਾਨਾ ਨੇ ਕਦੇ ਵੀ ਆਪਣੀਆਂ ਜਾਨਾਂ ਗਵਾਉਣ ਵਾਲਿਆਂ ਨੂੰ ਯਾਦ ਨਹੀਂ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਕੁਲਵਿੰਦਰ ਸਿੰਘ ਰਮਦਾਸ, ਸੁਪਰਡੰਟ ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਨਿਸ਼ਾਨ ਸਿੰਘ, ਬਿਕਰਮਜੀਤ ਸਿੰਘ ਝੰਗੀ, ਨਿਸ਼ਾਨ ਸਿੰਘ ਜੱਫਰਵਾਲ, ਫੈਡਰੇਸ਼ਨ ਆਗ-ਗੁਰਮਿੰਦਰ ਸਿੰਘ ਚਾਵਲਾ ਸਮੇਤ ਸੰਗਤਾਂ ਹਾਜ਼ਰ ਸਨ।

# ਪਾਰਟੀ ਮਣੀਪੁਰ ਤੇ ਨੂਹ 'ਚ ਉਚ ਪੱਧਰੀ ਵਫਦ ਭੇਜੇਗੀ : ਸੁਖਬੀਰ ਸਿੰਘ ਬਾਦਲ

## ਗੋਆ ਆਜ਼ਾਦੀ ਸੰਘਰਸ਼ ਦੇ ਸਿਤਾਰੇ ਕਰਨੈਲ ਸਿੰਘ ਈਸੜੂ ਨੂੰ ਸ਼ਰਧਾਂਜਲੀ ਕੀਤੀ ਭੇਂਟ



ਈਸੜੂ (ਖੰਨਾ), 16 ਅਗਸਤ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਘੱਟ ਗਿਣਤੀਆਂ 'ਤੇ ਹਮਲਿਆਂ ਖਾਸ ਤੌਰ 'ਤੇ ਮਣੀਪੁਰ ਵਿਚ ਇਸਾਈ ਭਾਈਚਾਰੇ ਖਿਲਾਫ ਨਸਲੀ ਹਿੰਸਾ ਦੀ ਜ਼ੋਰਦਾਰ ਨਿਖੇਧੀ ਕੀਤੀਹੈ ਤੇ ਉਹਨਾਂ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕਿਸਾਨਾਂ ਨੂੰ ਪਿਛਲੇ ਮਹੀਨੇ ਤੋਂ ਆਏ ਹੜ੍ਹਾਂ ਕਾਰਨ ਤਬਾਹ ਹੋਈ ਝੋਨੇ ਦੀ ਫਸਲ ਦਾ ਮੁਆਵਜ਼ਾ ਨਾ ਦੇਣ ਦੀ ਵੀ ਨਿਖੇਧੀ ਕੀਤੀ ਹੈ। ਅਕਾਲੀ ਦਲ ਦੇ ਪ੍ਰਧਾਨ ਗੋਆ ਦੀ ਪੁਰਤਗਾਲੀ ਰਾਜ ਤੋਂ ਆਜ਼ਾਦੀ ਦੇ ਮਹਾਨ ਸ਼ਹੀਦ ਸਰਦਾਰ ਕਰਨੈਲ ਸਿੰਘ ਈਸੜੂ ਦੇ ਸ਼ਹੀਦੀ ਦਿਹਾੜੇ ਮੌਕੇ ਹੁੰਦੀ ਸਾਲਾਨਾ ਕਾਨਫਰੰਸ ਦੌਰਾਨ ਵਿਸ਼ਾਲ ਇਕੱਠ ਨੂੰ ਸੰਬੋਧਨ ਕਰ ਰਹੇ ਸਨ।

ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਮਣੀਪੁਰ ਤੇ ਨੂਹ ਵਿਚ ਹਿੰਸਾ ਰਾਜ ਸਰਕਾਰਾਂ ਦੀ ਅਸਫਲਤਾ ਹਨ ਕਿਉਂਕਿ ਸਰਕਾਰਾਂ ਦਰੁੱਸਤੀ ਭਰੇ ਕਦਮ ਚੁੱਕਣ ਵਿਚ ਨਾਕਾਮ ਰਹੀਆਂ ਤੇ ਇਸ ਕਾਰਨ ਦੇਸ਼ ਵਿਚ ਘੱਟ ਗਿਣਤੀਆਂ ਵਿਚ ਅਸੁਰੱਖਿਆ ਦੀ ਭਾਵਨਾ ਪੈਦਾ ਹੋਈ ਹੈ। ਉਹਨਾਂ ਨੇ ਇਸ ਰੁਝਾਨ ਦੀ ਨਿਖੇਧੀ ਕੀਤੀ ਤੇ ਮੰਗ ਕੀਤੀ ਕਿ ਜਿਹਨਾਂ ਨੇ ਦੇਸ਼ ਵਿਚ ਸ਼ਾਂਤੀ ਭੰਗ ਕਰਨ ਦੇ ਯਤਨ ਕੀਤੇ, ਉਹਨਾਂ ਨੂੰ ਮਿਸਾਲੀ ਸਜ਼ਾ ਦਿੱਤੀ ਜਾਵੇ।

ਉਹਨਾਂ ਕਿਹਾ ਕਿ ਅਕਾਲੀ ਦਲ ਮਣੀਪੁਰ ਤੇ ਨੂਹ ਵਿਚ ਉੱਚ ਪੱਧਰੀ ਵਫਦ ਭੇਜੇਗਾ ਤਾਂ ਜੋ ਸਥਿਤੀ ਦਾ ਜਾਇਜ਼ਾ ਲਿਆ ਜਾਸਕੇ ਤੇ ਪੀੜਤਾਂ ਨਾਲ ਮੁਲਾਕਾਤ ਕਰ ਕੇ ਉਹਨਾਂ ਵਾਸਤੇ ਨਿਆਂ ਮੰਗਿਆ ਜਾ ਸਕੇ।

ਉਹਨਾਂ ਨੇ ਸਾਰੀਆਂ ਸਿਆਸੀ ਪਾਰਟੀਆਂ ਤੇ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹਪੰਜਾਬ ਦੇ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਤੋਂ ਸਿੱਖਣ ਜਿਹਨਾਂ ਨੇ ਸਾਰੇ ਧਰਮਾਂ ਨੂੰ ਨਾਲ ਲੈ ਕੇ ਪੰਜਾਬ ਨੂੰ ਵਿਕਾਸ ਦੀ ਲੀਹ 'ਤੇ ਪਾਇਆ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਪੰਜਾਬ ਵਿਚ ਸਰਦਾਰ ਬਾਦਲ ਦੇ ਰਾਜ ਵੇਲੇ ਇਕ ਵੀ ਫਿਰਕੂ ਝੜਪ ਨਹੀਂ ਹੋਈ।

ਸੁਖਬੀਰ ਸਿੰਘ ਬਾਦਲ ਨੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸਾਰੇ ਖੇਤੀ ਅਰਥਚਾਰੇ ਨੂੰ ਲੀਹੋਂ ਲਾਹੁਣ ਤੇ ਕਿਸਾਨਾਂ ਤੇ ਗਰੀਬਾਂ ਨੂੰ ਦੁੱਖ ਤਕਲੀਫਾਂ ਦੇਣ ਦੀ ਵੀ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਕਿਸਾਨ ਜੋ ਪਹਿਲਾਂ ਹੋਏ ਫਸਲਾਂ ਦੇ ਨੁਕਸਾਨ ਦਾ ਮੁਆਵਜ਼ਾ ਉਡੀਕ ਰਹੇ ਹਨ, ਨੂੰ ਇਕ ਵੀ ਰੁਪਿਆ ਮੁਆਵਜ਼ਾ ਨਹੀਂ ਦਿੱਤਾ ਗਿਆ ਹਾਲਾਂ ਕਿ ਪਟਿਆਲਾ, ਮਾਨਸਾ ਤੇ ਸ਼ਾਹਕੋਟ ਸਮੇਤ ਸੂਬੇ ਵਿਚ ਹਜ਼ਾਰਾਂ ਏਕੜ ਜ਼ਮੀਨ ਵਿਚ ਝੋਨਾ ਪੂਰੀ ਤਰ੍ਹਾਂ ਤਬਾਹ ਹੋ ਗਿਆ ਹੈ। ਉਹਨਾਂ ਕਿਹਾ ਕਿ ਵੱਡੇ ਵੱਡੇ ਐਲਾਨ ਕਰਨ ਦੇ ਬਾਵਜੂਦ ਮੁੱਖ ਮੰਤਰੀ ਭਗਵੰਤ ਮਾਨ ਨੇ ਜਿਹਨਾਂ ਦੇ ਘਰ ਹੜ੍ਹਾਂ ਕਾਰਨ ਨੁਕਸਾਨ ਗਏ ਹਨ, ਉਹਨਾਂ ਨੂੰ ਮੁਆਵਜ਼ਾ ਦੇਣ ਦੇ ਮਾਮਲੇ ਵਿਚ ਅੱਖਾਂ ਹੀ ਮੀਟ ਲਈਆਂ ਹਨ। ਉਹਨਾਂ ਕਿਹਾ ਕਿ ਅਕਾਲੀ ਦਲ ਮੰਗ ਕਰਦਾ ਹੈ ਕਿ ਹੜ੍ਹਾਂ ਕਾਰਨ ਜਿਹੜੇ ਕਿਸਾਨਾਂ ਦੀਆਂ ਫਸਲਾਂ ਤਬਾਹ ਹੋਈਆਂ, ਉਹਨਾਂ ਨੂੰ 50-50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ ਤੇ ਜਿਹਨਾਂ ਦੇ ਘਰ ਨੁਕਸਾਨੇ ਗਏਹਨ, ਉਹਨਾਂ ਨੂੰ 5-5 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ। ਉਹਨਾਂ ਕਿਹਾ ਕਿ ਜੇਕਰ ਕੀਤੇ ਵਾਅਦੇ ਅਨੁਸਾਰ ਅਜਿਹਾ ਨਾ ਕੀਤਾ ਗਿਆਤਾਂ ਸ਼੍ਰੋਮਣੀ ਅਕਾਲੀ ਦਲ ਆਪ ਸਰਕਾਰ ਦੇ ਖਿਲਾਫ ਧਰਨੇ ਦੇਣ ਲਈ ਮਜਬੂਰ ਹੋਵੇਗਾ ਤਾਂ ਜੋ ਸਰਕਾਰ ਨੂੰ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਾਸਤੇ ਮਜਬੂਰ ਕੀਤਾ ਜਾ ਸਕੇ।




ਕੈਨੇਡੀਅਨ ਪੰਜਾਬੀ ਪੋਸਟ

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

# Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਕਲੀਵਵਿਊ ਸੀਨੀਅਰਜ਼ ਕਲੱਬ ਵਲੋਂ ਸੈਂਟਰਲ ਆਈਲੈਂਡ ਦਾ ਟੂਰ







ਬਰੈਂਪਟਨ: (ਡਾ ਬਲਜਿੰਦਰ ਸਿੰਘ ਸੇਖੋਂ) ਬੀਤੇ ਸ਼ਨਿਚਰਵਾਰ ਬਰੈਂਪਟਨ ਦੇ ਕਲੀਵਵਿਊ ਸੀਨੀਅਰਜ਼ ਕਲੱਬ ਦੇ ਮੈਂਬਰਾਂ ਨੇ ਟੋਰਾਂਟੋ ਦੇ ਮੁੱਖ ਰੇਲਵੇ ਸਟੇਸ਼ਨ ਦੇ ਸਾਹਮਣੇ ਸਥਿਤ ਸੈਂਟਰਲ ਆਈਲੈਂਡ ਤੇ ਪਹੁੰਚ ਕੇ ਸਾਰਾ ਦਿਨ ਘੁੰਮ ਫਿਰ, ਖਾ ਪੀ, ਨੱਚ ਟੱਪ, ਗਿਧਾ ਪਾ ਕੇ ਟੂਰ ਦਾ ਖੂਬ ਆਨੰਦ ਮਾਣਿਆਂ। ਇਸ ਟੂਰ ਵਿੱਚ ਕਲੱਬ ਦੇ 47 ਮੈਂਬਰਾਂ ਨੇ ਸ਼ਿਰਕਤ ਕੀਤੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਸ਼ਾਮਿਲ ਸਨ। ਇਸ ਦਾ ਸਿਹਰਾ ਭੁਪਿੰਦਰ ਕੌਰ ਕਾਰਜਕਰਨੀ ਮੈਂਬਰ ਨੂੰ ਜਾਂਦਾ ਹੈ। ਉਥੇ ਪਹੁੰਚਣ ਲਈ ਕਾਰਜਕਰਨੀ ਵਲੋਂ ਬੱਸ ਦਾ ਪ੍ਰਬੰਧ ਕੀਤਾ ਹੋਇਆ ਸੀ, ਜਿਸ ਤੇ ਜਾਣ ਲਈ ਸਾਰੇ ਸਵੇਰੇ ਅੱਠ ਵਜੇ ਕਲੋਨੀ ਦੇ ਪਾਰਕ ਵਿੱਚ ਇਕੱਠੇ ਹੋ ਕੇ ਬੱਸ ਵਿੱਚ ਸਵਾਰ ਹੋ ਗਏ। ਬੈਠਦਿਆਂ ਹੀ ਜਸ਼ਨ ਦਾ ਮਾਹੌਲ ਬਣ ਗਿਆ ਜਦ ਸਭ ਨੂੰ ਖਾਣ ਪੀਣ ਦਾ ਸਮਾਨ ਵੰਡ ਦਿੱਤਾ ਗਿਆ ਅਤੇ ਸਾਰੇ ਆਪੋ ਆਪਣੇ ਗਰੁੱਪਾਂ ਵਿੱਚ ਗੱਲਾਂ ਬਾਤਾਂ ਵੱਚ ਰੁਝ ਗਏ। ਰਸਤੇ ਵਿੱਚ ਮੀਂਹ ਪੈਣ ਲੱਗ ਪਿਆ, ਜਿਸ ਨੇ ਬੇਸ਼ਕ ਥੋੜੇ ਸਮੇਂ ਲਈ ਕੁਝ ਵਿਘਨ ਪਾਇਆ ਪਰ ਅਸਲ ਵਿਚ ਚੰਗਾ ਹੀ ਹੋਇਆ ਕਿਉਂਕਿ ਇਸ ਨੇ ਗਰਮੀ ਦਾ ਇਹ ਦਿਨ ਤੁਰਨ ਫਿਰਨ ਲਈ ਠੰਢਾ ਕਰ ਦਿੱਤਾ।

ਆਇਲੈਂਡ ਤੇ ਜਾਣ ਲਈ ਵੱਡੀ ਕਿਸ਼ਤੀ ਦਾ ਸਫਰ ਬੜਾ ਰੋਮਾਂਚਿਕ ਸੀ, ਜੋ ਪੰਜਾਬੀਆਂ ਨੂੰ ਨਵੇਕਲਾ ਲੱਗਦਾ ਹੈ। ਆਈਲੈਂਡ ਤੇ ਪਹੁੰਚ ਕੇ ਸਭ ਨੇ ਆਪੋ ਅਪਣੇ ਨਾਲ ਲਿਆਂਦਾ ਕੁਝ ਨਾ ਕੁਝ ਖਾ ਪੀ ਲਿਆ ਅਤੇ ਸੈਰ ਨੂੰ ਅੱਗੇ ਚੱਲ ਪਏ। ਰਸਤੇ ਦੇ ਆਸੇ ਪਾਸੇ ਆਈਲੈਂਡ ਤੇ ਬੜੇ ਵਧੀਆ ਫੁੱਲ ਬੂਟੇ ਲਾਏ ਹੋਏ ਹਨ, ਜਿਨ੍ਹਾਂ ਨੂੰ ਵੇਖਦੇ ਵਿਖਓਂਦੇ ਗਰੁੱਪ ਆਈਲੈਂਡ ਦੇ ਦੂਸਰੇ ਪਾਸੇ ਚਲਾ ਗਿਆ

ਅਤੇ ਓਨਟਾਰੀਓ ਝੀਲ ਦੇ ਵਿਸ਼ਾਲ ਪਾਣੀਆਂ ਦਾ ਆਨੰਦ ਲੈਂਦਾ ਰਿਹਾ। ਇਸ ਪਾਸੇ ਝੀਲ ਵਿਚ ਲੱਕੜ ਦੇ ਬਣੇ ਵਾਧਰੇ ਤੇ ਸਾਰੇ ਆਖੀਰ ਤੱਕ ਜਾ ਕੇ ਫੋਟੋਆਂ ਖਿਚਦੇ ਰਹੇ। ਵਾਪਸ ਕੁਝ ਦੇਰ ਤੁਰਨ ਬਾਅਦ ਛਾਂ ਵਿੱਚ ਚਾਦਰਾਂ ਵਿਛਾ ਸਾਰੇ ਗਰੁੱਪਾਂ ਵਿੱਚ ਬੈਠ ਗਏ, ਗੱਲਾਂ ਬਾਤਾਂ ਕਰਨ ਲੱਗੇ ਅਤੇ ਕੁਝ ਔਰਤਾਂ ਨੇ ਬੋਲੀਆਂ ਤੇ ਗਿੱਧੇ ਨਾਲ ਰੰਗ ਬੰਨਿਆਂ। ਤੁਰ ਕੇ ਸਾਰੀ ਆਈਲੈਂਡ ਨੂੰ ਵੇਖਣਾ ਮੁਸ਼ਕਿਲ ਹੈ, ਇਸ ਦਾ ਚੰਗਾ ਬਦਲ, ਉੱਥੇ ਚੱਲ ਰਹੀ ਟਰੈਮ ਸੇਵਾ ਨੂੰ ਗਰੁੱਪ ਨੇ ਵਰਤਿਆ। ਪੂਰੀ ਦੀ ਪੂਰੀ ਟਰੈਮ ਗਰੁੱਪ ਦੇ ਮੈਂਬਰਾਂ ਨਾਲ ਭਰ ਗਈ ਅਤੇ ਇਸ ਤਰ੍ਹਾ ਆਈਲੈਂਡ ਦੇ ਸਾਰੇ ਇਲਾਕੇ ਨੂੰ ਵੇਖਣ ਦਾ ਮੌਕਾ ਮਿਲ ਗਿਆ। ਵਾਪਿਸ ਆ ਕੇ ਸਭ ਨੇ ਰਲ ਮਿਲ ਅਪਣੇ ਨਾਲ ਲਿਆਂਦਾ ਚਾਹ ਪਾਣੀ ਪੀਤਾ ਅਤੇ ਵਾਪਸੀ ਦਾ ਸਫਰ ਫਿਰ ਗੱਲਾਂ ਬਾਤਾਂ ਕਰਕੇ ਬੜੇ ਰੌਚਿਕ ਤਰੀਕੇ ਪੂਰਾ ਕੀਤਾ। ਕਲੱਬ ਬਾਰੇ ਹੋਰ ਜਾਣਕਾਰੀ ਲਈ ਗੁਰਸੇਵਕ ਸਿੰਘ ਸਿੱਧੂ (647 510 1616) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਸਕਾਟਲੈਂਡ: ਭਾਰਤ ਦੇ ਆਜਾਦੀ ਦਿਹਾੜੇ ਸੰਬੰਧੀ ਸਮਾਗਮ ਵਿੱਚ ਇਕੱਠ ਨੇ ਰਿਕਾਰਡ ਤੋੜਿਆ







ਗਲਾਸਗੋ (ਮਨਦੀਪ ਖੁਰਮੀ ਹਿੰਮਤਪੁਰਾ): ਭਾਰਤ ਦੇ ਆਜ਼ਾਦੀ ਦਿਹਾੜੇ ਦੇ ਸੰਬੰਧ ਵਿੱਚ ਸਕਾਟਲੈਂਡ ਦੇ ਸ਼ਹਿਰ ਗਲਾਸਗੋ ਵਿਖੇ ਵਿਸ਼ਾਲ ਸਮਾਰੋਹ ਕਰਵਾਇਆ ਗਿਆ। ਐਸੋਸੀਏਸ਼ਨ ਆਫ ਇੰਡੀਅਨ ਆਰਗੇਨਾਈਜ਼ੇਸ਼ਨਜ਼ (ਏ ਆਈ ਓ) ਦੇ ਵਿਸ਼ੇਸ਼ ਉੱਦਮ ਨਾਲ ਐਲਬਰਟ ਡਰਾਈਵ ਸਥਿਤ ਟਰਾਮਵੇਅ ਵਿਖੇ ਹੋਏ ਇਸ ਸਮਾਗਮ ਦੀ ਖਾਸੀਅਤ ਇਹ ਰਹੀ ਕਿ ਇਕੱਠ ਪੱਖੋਂ ਪਿਛਲੇ ਸਭ ਰਿਕਾਰਡ ਟੁੱਟ ਗਏ। ਪ੍ਰਬੰਧਕਾਂ ਵੱਲੋਂ ਮੁੱਖ ਹਾਲ ਦੇ ਖਚਾਖਚ ਭਰ ਜਾਣ ਉਪਰੰਤ ਉਡੀਕ ਕਰ ਰਹੇ ਲੋਕਾਂ ਨੂੰ ਬਿਠਾਉਣ ਲਈ ਬਾਲਕੋਨੀ ਵਾਲੀਆਂ ਸੀਟਾਂ ਵੀ ਵਰਤਣੀਆਂ ਪਈਆਂ। ਸੈਂਕੜਿਆਂ ਦੀ ਤਾਦਾਦ ਵਿੱਚ ਲੋਕਾਂ ਨੂੰ ਸੀਟਾਂ ਨਾ ਮਿਲਣ ਕਰਕੇ ਨਿਰਾਸ਼ ਹੋ ਕੇ ਘਰਾਂ ਨੂੰ ਪਰਤਣਾ ਪਿਆ। ਸਮਾਗਮ ਦੀ ਸ਼ੁਰੂਆਤ ਦੌਰਾਨ ਸ਼ਮਾਂ ਰੌਸ਼ਨ ਕਰਨ ਦੀ ਰਸਮ ਹਿੰਦੂ ਮੰਦਰ ਗਲਾਸਗੋ ਦੇ ਅਚਾਰੀਆ ਮੇਧਨੀਪਤਿ ਮਿਸ਼ਰ, ਕੌਂਸਲ ਜਨਰਲ ਆਫ ਇੰਡੀਆ ਐਡਿਨਬਰਾ ਸ੍ਰੀ ਬਿਜੈ ਸੇਲਵਰਾਜ, ਸ੍ਰੀ ਸਤਿਆਵੀਰ ਸਿੰਘ, ਏ ਆਈ ਓ ਆਗੂ ਸੋਹਣ ਸਿੰਘ ਰੰਧਾਵਾ, ਅਮ੍ਰਿਤਪਾਲ ਕੌਸ਼ਲ (ਐੱਮ ਬੀ ਈ), ਸ੍ਰੀਮਤੀ ਮਰਿਦੁਲਾ ਚਕਰਬਰਤੀ (ਐੱਮ ਬੀ ਈ), ਲੌਰਡ ਪ੍ਰੋਵੋਸਟ ਗਲਾ-ਸਗੋ ਜੈਕੀ ਮੈਕਲੇਰਨ, ਈਸਟ ਰੈਨਫਰੂਸ਼ਾਇਰ ਕੌਂਸਲ ਪ੍ਰੋਵੋਸਟ ਨੇਰੀ ਮੌਂਟਗਿਊ, ਲੌਰਡ ਚਾਰਲਸ ਬਰੂਸ, ਐੱਮ ਐੱਸ ਪੀ ਜੈਕੀ ਬੇਲੀ, ਸਕਾਟਿਸ਼ ਲੇਬਰ ਪ੍ਰਮੁੱਖ ਅਨਸ ਸਰਵਰ ਆਦਿ ਵੱਲੋਂ ਅਦਾ ਕੀਤੀ ਗਈ। ਸਮਾਗਮ ਦੌਰਾਨ ਹਰ ਪੇਸ਼ਕਾਰੀ ਜਾਂ ਬੁਲਾਰੇ ਤੋਂ ਬਾਅਦ ਵੱਜਦੀਆਂ ਤਾੜੀਆਂ ਹੋਏ ਬੇਹੱਦ ਇਕੱਠ ਦੀ ਹਾਜ਼ਰੀ ਦਿਖਾ ਰਹੀਆਂ ਸਨ। ਰਾਸ਼ਟਰੀ ਗਾਣ ਉਪਰੰਤ ਭਾਰਤ ਤੋਂ ਆਏ ਡਾਂਸ ਗਰੁੱਪ ਲੋਕ ਚੰਦਾ, ਮਨਿਸਟਰੀ ਆਫ ਇੰਡੀਆ ਵੱਲੋਂ ਭੇਜੇ ਭਾਰਤ ਨਾਟਿਅਮ ਨਿਰਤਕਾਂ, ਸਥਾਨਕ ਕਲਾਕਾਰਾਂ ਦੇਸੀ ਬਰੇਵਹਾਰਟ, ਗਾਇਕ ਅਭਿਜੀਤ ਕੜਵੇ ਆਦਿ ਵੱਲੋਂ ਆਪਣੀ ਪੇਸ਼ਕਾਰੀ ਰਾਹੀਂ ਵਾਹ ਵਾਹ ਹਾਸਲ ਕੀਤੀ ਗਈ। ਸਮਾਗਮ ਦੀ ਸਫਲਤਾ ਲਈ ਸੋਹਣ ਸਿੰਘ ਰੰਧਾਵਾ, ਸ੍ਰੀਮਤੀ ਮਰਿਦੁਲਾ ਚਕਰਬਰਤੀ, ਅਮ੍ਰਿਤਪਾਲ ਕੌਸ਼ਲ ਵੱਲੋਂ ਏ.ਆਈ.ਓ. ਦੇ ਸਮੂਹ ਮੈਂਬਰਾਨ ਦੀ ਤਰਫੋਂ ਬੁਲਾਰਿਆਂ, ਕਲਾਕਾਰਾਂ ਤੇ ਹਾਜ਼ਰ ਭਾਈਚਾਰੇ ਦੇ ਲੋਕਾਂ ਦਾ ਹਾਰਦਿਕ ਧੰਨਵਾਦ ਕੀਤਾ ਗਿਆ।

URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE (2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) Hall of Fame (2010)

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)



ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)



ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC. REALTOR MLS MULTIPLE LISTING SERVICE
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry



Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
- All Kinds of Body Work
- Auto Glass Windshield
- Denting, Painting & Welding

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017